ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 4 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੨੧ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਰੂਸ-ਯੂਕਰੇਨ ਦੀ ਜੰਗ 'ਚ ਜਲੰਧਰ ਦੇ ਮੁੰਡੇ ਦੀ ਮੌਤ

**ਜਲੰਧਰ/ਗੋਰਾਇਆ, 3 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਰੂਸ ਅਤੇ ਯੂਕਰੇਨ ਵਿਚਕਾਰ ਜੰਗ ਲਗਾਤਾਰ ਜਾਰੀ ਹੈ। ਇਸ ਟਕਰਾਅ ਵਿੱਚ ਕਈ ਨੌਜਵਾਨ ਭਾਰਤੀ ਸੈਨਿਕ ਮਾਰੇ ਗਏ ਹਨ। ਹੁਣ ਜਲੰਧਰ ਦੇ ਇਕ ਨੌਜਵਾਨ ਦੀ ਰੂਸੀ ਜੰਗ ਵਿੱਚ ਮੌਤ ਹੋ ਗਈ ਹੈ। ਮਿਲੀ ਜਾਣਕਾਰੀ ਮੁਤਾਬਕ ਗੋਰਾਇਆ ਦਾ ਰਹਿਣ ਵਾਲਾ 30 ਸਾਲਾ ਮਨਦੀਪ ਕੁਮਾਰ ਕੁਝ ਸਮੇਂ ਤੋਂ ਰੂਸ ਵਿੱਚ ਸੀ। ਉਹ ਟ੍ਰੈਵਲ ਏਜੰਟਾਂ ਦਾ ਸ਼ਿਕਾਰ ਹੋ ਗਿਆ ਅਤੇ ਉਸ ਨੂੰ ਜ਼ਬਰਦਸਤੀ ਰੂਸੀ ਫ਼ੌਜ ਵਿੱਚ ਭਰਤੀ ਕਰ ਲਿਆ ਗਿਆ ਸੀ। ਜਗਦੀਪ ਨੇ ਇਹ ਮਾਮਲਾ ਪੰਜਾਬ ਅਤੇ ਕੇਂਦਰ ਸਰਕਾਰਾਂ ਕੋਲ ਵੀ ਉਠਾਇਆ। ਹੁਣ ਮਨਦੀਪ ਦੀ ਰੂਸੀ ਫ਼ੌਜ ਵਿੱਚ ਮੌਤ ਹੋਣ ਦੀ ਖ਼ਬਰ ਮਿਲੀ ਹੈ। ਰਸ਼ੀਆ ਤੋਂ ਮਨਦੀਪ ਦੀ ਲਾਸ਼ ਦੁਪਹਿਰ 1 ਵਜੇ ਰੂਸ ਤੋਂ ਭਾਰਤ ਪਹੁੰਚੀ ਹੈ। ਮਨਦੀਪ ਦਾ ਭਰਾ ਜਗਦੀਪ ਜੋ ਇਸ ਵਕਤ ਦਿੱਲੀ ਵਿੱਚ ਹੈ, ਜਿਸ ਨਾਲ ਫੋਨ 'ਤੇ ਗੱਲਬਾਤ ਹੋਣ ਤੇ ਉਸ ਨੇ ਦੱਸਿਆ ਕਿ ਅੱਜ ਰਾਤ ਤੱਕ ਉਹ ਗੋਰਾਇਆ ਪਹੁੰਚ ਜਾਵੇਗਾ। ਜਗਦੀਪ ਆਪਣੇ ਭਰਾ ਮਨਦੀਪ ਦੀ ਲਾਸ਼ ਲੈਣ ਲਈ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਹੁੰਚਿਆ।



ਮਨਦੀਪ ਦੇ ਭਰਾ ਜਗਦੀਪ ਨੇ ਦੱਸਿਆ ਕਿ

## ਅਮਰੀਕਾ ਨੇ ਵੈਨੇਜ਼ੁਏਲਾ ਦਾ ਕਰਾਕਸ ਮਿਲਟਰੀਬੇਸ ਉਡਾਇਆ

# ਰਾਸ਼ਟਰਪਤੀ ਮਾਦੂਰੋ ਨੂੰ ਪਤਨੀ ਸਣੇ ਬਣਾਇਆ ਬੰਧਕ

**ਨਵੀਂ ਦਿੱਲੀ/ਵਾਸ਼ਿੰਗਟਨ, 3 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਨੇ ਸ਼ਨੀਵਾਰ ਰਾਤ ਨੂੰ ਵੈਨੇਜ਼ੁਏਲਾ ਦੀ ਰਾਜਧਾਨੀ ਕਰਾਕਸ 'ਤੇ ਸੱਤ ਹਵਾਈ ਹਮਲੇ ਕੀਤੇ ਹਨ ।ਕਾਰਾਕਸ ਵਿੱਚ ਇੱਕ ਤੋਂ ਬਾਅਦ ਇੱਕ ਕਈ ਧਮਾਕੇ ਹੋਏ। ਇਹ ਧਮਾਕੇ ਖਾਸ ਤੌਰ 'ਤੇ ਵੈਨੇਜ਼ੁਏਲਾ ਦੇ ਮੁੱਖ ਫੌਜੀ ਅੱਡੇ 'ਫਾਰਚੁਨਾ' ਦੇ ਨੇੜੇ ਹੋਏ ਹਨ। ਹਮਲੇ ਤੋਂ ਤੁਰੰਤ ਬਾਅਦ ਪੂਰੇ ਸ਼ਹਿਰ ਦੀ ਬਿਜਲੀ ਗੁੱਲ ਹੋ ਗਈ ਅਤੇ ਅਸਮਾਨ ਵਿੱਚ ਧੂੰਏਂ ਦੇ ਗੁਬਾਰ ਦੇਖੇ ਗਏ। ਧਮਾਕਿਆਂ ਦੀ ਆਵਾਜ਼ ਸੁਣ ਕੇ ਸ਼ਹਿਰ ਦੇ ਕਈ ਇਲਾਕਿਆਂ ਦੇ ਲੋਕ ਆਪਣੇ ਘਰਾਂ ਤੋਂ ਬਾਹਰ ਨਿਕਲ ਕੇ ਸੜਕਾਂ 'ਤੇ ਆ ਗਏ। ਧਮਾਕਿਆਂ ਦੀ ਆਵਾਜ਼ ਇੰਨੀ ਤੇਜ਼ ਸੀ ਕਿ ਲੋਕ ਆਪਣੇ ਘਰ ਛੱਡ ਕੇ ਸੜਕਾਂ 'ਤੇ ਆ ਗਏ। ਸੋਸ਼ਲ ਮੀਡੀਆ 'ਤੇ ਵਾਇਰਲ ਵੀਡੀਓਜ਼ ਵਿੱਚ ਸ਼ਹਿਰ ਦੇ ਕਈ ਹਿੱਸਿਆਂ ਵਿੱਚ ਅੱਗ ਲੱਗੀ ਦਿਖਾਈ ਦੇ ਰਹੀ ਹੈ। ਪਹਿਲਾ ਹਮਲਾ ਸਥਾਨਕ ਸਮੇਂ ਅਨੁਸਾਰ ਸਵੇਰੇ 2 ਵਜੇ ਦੇ ਕਰੀਬ ਹੋਇਆ। ਹਾਲਾਂਕਿ, ਉਸ ਸਮੇਂ ਇਨ੍ਹਾਂ ਧਮਾਕਿਆਂ ਦੇ ਕਾਰਨ ਜਾਂ ਸਰੋਤ ਬਾਰੇ ਕੋਈ ਅਧਿਕਾਰਤ ਪੁਸ਼ਟੀ ਉਪਲਬਧ ਨਹੀਂ ਸੀ। ਹਮਲੇ ਤੋਂ ਬਾਅਦ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੂਰੋ ਨੇ ਇੱਕ ਬਿਆਨ ਜਾਰੀ ਕਰਕੇ ਕਿਹਾ ਕਿ ਅਮਰੀਕੀ ਹਮਲਿਆਂ ਨੇ ਕਰਾਕਸ ਸ਼ਹਿਰ ਸਮੇਤ ਚਾਰ ਸ਼ਹਿਰਾਂ ਦੇ ਨਾਲ-ਨਾਲ ਮਿਰਾਂਡਾ, ਅਰਾਗੁਆ ਅਤੇ ਲਾ ਗੁਆਇਰਾ ਰਾਜਾਂ ਵਿੱਚ ਨਾਗਰਿਕ ਅਤੇ ਫੌਜੀ ਠਿਕਾਣਿਆਂ ਨੂੰ ਨਿਸ਼ਾਨਾ ਬਣਾਇਆ। ਹਮਲਿਆਂ ਦੀ ਗੰਭੀਰਤਾ ਨੂੰ ਦੇਖਦੇ ਹੋਏ ਰਾਸ਼ਟਰਪਤੀ ਮਾਦੂਰੋ ਨੇ ਤੁਰੰਤ ਦੇਸ਼ ਵਿਆਪੀ ਐਮਰਜੈਂਸੀ ਲਗਾ ਦਿੱਤੀ ਹੈ ਅਤੇ ਫੌਜ ਨੂੰ ਹਾਈ ਅਲਰਟ 'ਤੇ ਰਹਿਣ ਦੇ ਹੁਕਮ ਦਿੱਤੇ ਹਨ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਕਿ ਉਨ੍ਹਾਂ ਦੇ ਦੇਸ਼ ਨੇ ਵੈਨੇਜ਼ੁਏਲਾ ਅਤੇ ਇਸਦੇ ਨੇਤਾ ਰਾਸ਼ਟਰਪਤੀ ਨਿਕੋਲਸ ਮਾਦੂਰੋ ਵਿਰੁੱਧ ਵੱਡੇ ਪੱਧਰ 'ਤੇ ਕਾਰਵਾਈ ਸਫਲਤਾਪੂਰਵਕ ਕੀਤੀ ਹੈ। ਰਾਸ਼ਟਰਪਤੀ ਨਿਕੋਲਸ ਮਾਦੂਰੋ ਅਤੇ ਉਨ੍ਹਾਂ ਦੀ ਪਤਨੀ ਨੂੰ ਫੜ ਕੇ ਦੇਸ਼ ਤੋਂ ਬਾਹਰ ਲਿਜਾਇਆ ਗਿਆ ਹੈ। ਇਹ ਕਾਰਵਾਈ ਅਮਰੀਕੀ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੇ ਸਹਿਯੋਗ ਨਾਲ ਕੀਤੀ ਗਈ ਸੀ। ਅਮਰੀਕਾ ਅਤੇ ਵੈਨੇਜ਼ੁਏਲਾ ਵਿਚਕਾਰ ਇਸ ਸਮੇਂ ਤੋਂ ਤਣਾਅ ਚੱਲ ਰਿਹਾ ਹੈ। ਟਰੰਪ ਪਹਿਲਾਂ ਹੀ ਚੇਤਾਵਨੀ ਦੇ ਚੁੱਕੇ ਹਨ ਕਿ ਵੈਨੇਜ਼ੁਏਲਾ ਖਿਲਾਫ ਜ਼ਮੀਨੀ ਹਮਲੇ ਸੰਭਵ ਹਨ। ਇਸ ਤੋਂ ਇਲਾਵਾ ਅਮਰੀਕੀ ਫੌਜ ਨੇ ਕੈਰੇਬੀਅਨ ਅਤੇ ਪੂਰਬੀ ਪ੍ਰਸ਼ਾਂਤ ਮਹਾਸਾਗਰ ਵਿੱਚ ਕਈ ਕਿਸ਼ਤੀਆਂ 'ਤੇ ਹਮਲਾ ਕੀਤਾ ਹੈ, ਜਿਨ੍ਹਾਂ 'ਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਇਲਜ਼ਾਮ ਹੈ।



## ਬੰਗਲਾਦੇਸ਼ 'ਚ ਇੱਕ ਹੋਰ ਹਿੰਦੂ ਦੀ ਮੌਤ, ਖੋਕਨ ਚੰਦਰ ਦਾਸ ਦੀ ਇਲਾਜ ਦੌਰਾਨ ਮੌਤ; ਭੀੜ ਨੇ ਲਗਾ ਦਿੱਤੀ ਸੀ ਅੱਗ

**ਢਾਕਾ, 3 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਬੰਗਲਾਦੇਸ਼ ਵਿੱਚ ਘੱਟ ਗਿਣਤੀ ਹਿੰਦੂ ਭਾਈਚਾਰੇ ਵਿਰੁੱਧ ਹਿੰਸਾ ਦੀ ਇੱਕ ਹੋਰ ਭਿਆਨਕ ਘਟਨਾ ਸਾਹਮਣੇ ਆਈ ਹੈ। ਸ਼ਰੀਅਤਪੁਰ ਜ਼ਿਲ੍ਹੇ ਦੇ ਬਾਜ਼ਾਰ ਵਿੱਚ ਇੱਕ ਮੈਡੀਕਲ ਸਟੋਰ ਚਲਾਉਣ ਵਾਲੇ ਹਿੰਦੂ ਵਪਾਰੀ ਖੋਕਨ ਚੰਦਰ ਦਾਸ ਦੀ ਸ਼ਨੀਵਾਰ ਸਵੇਰੇ ਢਾਕਾ ਦੇ ਨੈਸ਼ਨਲ ਬਰਨ ਇੰਸਟੀਚਿਊਟ ਵਿੱਚ ਇਲਾਜ ਦੌਰਾਨ ਮੌਤ ਹੋ ਗਈ। ਨਵੇਂ ਸਾਲ ਦੀ ਸ਼ਾਮ ਨੂੰ ਹਮਲਾਵਰਾਂ ਨੇ ਉਸਨੂੰ ਪੈਟਰੋਲ ਛਿੜਕ ਕੇ ਜ਼ਿੰਦਾ ਸਾੜ ਦਿੱਤਾ। ਡਾਕਟਰਾਂ ਦੇ ਅਨੁਸਾਰ, ਖੋਕਨ ਦਾਸ ਦੇ ਸਰੀਰ ਦਾ ਲਗਭਗ 30 ਪ੍ਰਤੀਸ਼ਤ ਹਿੱਸਾ ਸੜ ਗਿਆ ਸੀ, ਜਿਸ ਨਾਲ ਉਸਦੇ ਚਿਹਰੇ ਅਤੇ ਸਾਹ ਪ੍ਰਣਾਲੀ ਨੂੰ ਗੰਭੀਰ ਨੁਕਸਾਨ ਪਹੁੰਚਿਆ ਸੀ। ਹਸਪਤਾਲ ਦੇ ਪ੍ਰੋਫੈਸਰ ਡਾ. ਸ਼ੌਨ ਬਿਨ ਰਹਿਮਾਨ ਨੇ ਦੱਸਿਆ ਕਿ ਉਸਨੇ ਸਵੇਰੇ 7:20 ਵਜੇ ਦੇ ਕਰੀਬ ਆਖਰੀ ਸਾਹ ਲਿਆ। ਸਥਾਨਕ ਅਖਬਾਰ ਪ੍ਰਥਮ ਆਲੋ ਦੇ ਅਨੁਸਾਰ, ਇਹ ਘਟਨਾ 31 ਦਸੰਬਰ ਨੂੰ ਰਾਤ 9:30 ਵਜੇ ਦੇ ਕਰੀਬ ਦਾਮੁਦੀਆ ਉਪਜਿਲਾ ਦੇ ਕੋਨੇਸ਼ਵਰ ਯੂਨੀਅਨ ਦੇ ਕੇਉਰਭੰਗਾ ਬਾਜ਼ਾਰ ਨੇੜੇ ਵਾਪਰੀ। ਖੋਕਨ ਦਾਸ, ਜੋ ਆਪਣੀ ਦੁਕਾਨ ਬੰਦ ਕਰਕੇ ਘਰ ਪਰਤ ਰਿਹਾ ਸੀ, ਨੂੰ ਬਦਮਾਸ਼ਾਂ ਨੇ ਰੋਕਿਆ, ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕੀਤਾ, ਅਤੇ ਫਿਰ ਪੈਟਰੋਲ ਛਿੜਕ ਕੇ ਅੱਗ ਲਗਾ ਦਿੱਤੀ। ਅੱਗ ਤੋਂ ਬਚਣ ਦੀ ਕੋਸ਼ਿਸ਼ ਵਿੱਚ, ਖੋਕਨ ਦਾਸ ਨੇ ਨੇੜਲੇ ਤਲਾਅ ਵਿੱਚ ਛਾਲ ਮਾਰ ਦਿੱਤੀ। ਉਸ ਦੀਆਂ ਚੀਕਾਂ ਸੁਣ ਕੇ ਆਸ-ਪਾਸ ਦੇ ਲੋਕ ਮੌਕੇ 'ਤੇ ਪਹੁੰਚ ਗਏ, ਜਿਸ ਤੋਂ ਬਾਅਦ ਹਮਲਾਵਰ ਭੱਜ ਗਏ। ਗੰਭੀਰ ਹਾਲਤ ਵਿੱਚ, ਉਸਨੂੰ ਪਹਿਲਾਂ ਸ਼ਰੀਅਤਪੁਰ ਸਦਰ ਹਸਪਤਾਲ ਅਤੇ ਫਿਰ ਢਾਕਾ ਤਬਦੀਲ ਕੀਤਾ ਗਿਆ। ਪਰਿਵਾਰ ਨੇ ਮਾਮਲੇ ਦੀ ਨਿਰਪੱਖ ਜਾਂਚ ਅਤੇ ਸਾਰੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਹੈ।ਖੋਕਨ ਦਾਸ ਦੇ ਰਿਸ਼ਤੇਦਾਰ ਪ੍ਰਾਂਤੋ ਦਾਸ ਨੇ ਕਿਹਾ ਕਿ ਦੋਸ਼ੀਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਣਾ ਚਾਹੀਦਾ।



## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਲਈ ਸਖਤ ਕਾਨੂੰਨ ਦੀ ਮੰਗ ਸਬੰਧੀ ਨਗਰ ਕੀਰਤਨ 'ਚ ਵੱਧ ਤੋਂ ਵੱਧ ਸੰਗਤ ਸ਼ਮੂਲੀਅਤ ਕਰੇ: ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ

**ਅੰਮ੍ਰਿਤਸਰ, 3 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਮੂਹ ਸਿੱਖ ਸੰਗਤਾਂ ਤੇ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਬੀਤੇ ਲੰਮੇ ਸਮੇਂ ਤੋਂ ਸਮਾਣਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲਿਆਂ ਨੂੰ ਠੱਲ੍ਹਣ ਲਈ ਸਖ਼ਤ ਕਾਨੂੰਨ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਸ. ਗੁਰਜੀਤ ਸਿੰਘ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਇਸ ਮਾਮਲੇ ਸਬੰਧੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਤੱਕ ਲਿਆਂਦੇ ਜਾ ਰਹੇ ਨਗਰ ਕੀਰਤਨ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਤੇ ਸਹਿਯੋਗ ਕੀਤਾ ਜਾਵੇ। ਜਥੇਦਾਰ ਗੜਗੱਜ ਨੇ ਕਿਹਾ ਕਿ ਦੇਸ਼ ਦੇ ਕਾਨੂੰਨ ਵਿੱਚ ਹਰ ਧਰਮ ਦੇ ਗ੍ਰੰਥਾਂ ਦੇ ਮਾਣ ਸਤਿਕਾਰ ਨੂੰ ਕਾਇਮ ਰੱਖਣ ਲਈ ਸਰਕਾਰ ਨੂੰ ਸਖ਼ਤ ਕਾਨੂੰਨ ਦੀ ਵਿਵਸਥਾ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿਉਂਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਦੇਸ਼ ਅਨੁਸਾਰ ਸਿੱਖ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਜਾਗਤ ਜੋਤਿ ਗੁਰੂ ਮੰਨਦੇ ਹਨ ਇਸ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਸਬੰਧ ਵਿੱਚ ਸਰਕਾਰਾਂ ਨੂੰ ਕਾਨੂੰਨ ਵਿੱਚ ਵਿਸ਼ੇਸ਼ ਪ੍ਰਬੰਧ ਕਰਨ ਦੀ ਲੋੜ ਹੈ ਤਾਂ ਜੋ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਖਿੱਤੇ ਅੰਦਰ ਸ਼ਰਾਰਤੀ ਅਨਸਰਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਲਗਾਤਾਰ ਸਾਹਮਣੇ ਆ ਰਹੇ ਹਨ ਪਰੰਤੂ ਸਰਕਾਰਾਂ ਇਨ੍ਹਾਂ ਨੂੰ ਠੱਲ੍ਹਣ ਅਤੇ ਸਿੱਖ ਸੰਗਤਾਂ ਨੂੰ ਇਨਸਾਫ਼ ਦੇਣ ਵਿੱਚ ਨਾਕਾਮ ਸਾਬਤ ਹੋਈਆਂ ਹਨ। ਉਨ੍ਹਾਂ ਕਿਹਾ ਕਿ ਅਕਸਰ ਹੀ ਪੁਲਿਸ ਵੱਲੋਂ ਦੋਸ਼ੀਆਂ ਨੂੰ ਜਾਂ ਤਾਂ ਮਾਨਸਿਕ ਹਾਲਤ ਠੀਕ ਨਾ ਹੋਣ ਦਾ ਬਹਾਨਾ ਬਣਾ ਕੇ ਜਾਂ ਕਿਸੇ ਹੋਰ ਅਜਿਹੇ ਢੰਗ ਨਾਲ ਕੁਝ ਚਿਰ ਪਿੱਛੋਂ ਹੀ ਛੱਡ ਦਿੱਤਾ ਜਾਂਦਾ ਹੈ, ਜਾਂ ਫਿਰ ਪੁਲਿਸ ਦੋਸ਼ੀਆਂ ਨੂੰ ਸਾਹਮਣੇ ਹੀ ਨਹੀਂ ਲਿਆਉਂਦੀ, ਜਿਸ ਨਾਲ ਸਿੱਖ ਸੰਗਤਾਂ ਨੂੰ ਇਨਸਾਫ਼ ਨਹੀਂ ਮਿਲਦਾ ਤੇ ਉਨ੍ਹਾਂ ਦੇ ਮਨਾਂ ਵਿੱਚ ਵਿਰੋਧ ਦੀ ਭਾਵਨਾ ਪੈਦਾ ਹੁੰਦੀ ਹੈ। ਉਨ੍ਹਾਂ ਇਸ ਪਿੱਛੇ ਲੁਕਵੀਂ ਸ਼ਕਤੀਆਂ ਦੀ ਸਿੱਖ ਵਿਰੋਧੀ ਸਾਜ਼ਸ਼ ਸਬੰਧੀ ਸਵਾਲ ਚੁੱਕਦਿਆਂ ਕਿਹਾ ਕਿ ਅਜਿਹੇ ਲੋਕਾਂ ਨੂੰ ਬੇਅਦਬੀ ਕਰਨ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਜਾਂ ਗੁਰਦੁਆਰਾ ਸਾਹਿਬਾਨ ਹੀ ਕਿਉਂ ਨਜ਼ਰ ਆਉਂਦੇ ਹਨ, ਇਹ ਗਹਿਰੇ ਮੰਥਨ ਤੇ ਚਿੰਤਨ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲਿਆਂ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਬੀਤੇ ਸਮੇਂ ਹੋਈ ਇਕੱਤਰਤਾ ਦੀ ਲੜੀ ਵਿੱਚ ਅਗਲੀ ਵਿਚਾਰ ਚਰਚਾ ਜਲਦ ਹੀ ਕੀਤੀ ਜਾਵੇਗੀ ਤਾਂ ਜੋ ਬੇਅਦਬੀਆਂ ਠੱਲ੍ਹਣ ਲਈ ਸਮੁੱਚੀ ਸਿੱਖ ਕੌਮ ਨੂੰ ਇਕਜੁੱਟ ਕਰਕੇ ਠੋਸ ਨੀਤੀ ਨਾਲ ਹੱਲ ਕੀਤਾ ਜਾ ਸਕੇ।



## 328 ਸਰੂਪਾਂ ਦੇ ਮਾਮਲੇ ਤੇ ਅਸਿੱਧੇ ਤੌਰ 'ਤੇ ਸ਼੍ਰੋਮਣੀ ਕਮੇਟੀ ਨੂੰ ਬਣਾਇਆ ਜਾ ਰਿਹਾ ਨਿਸ਼ਾਨਾ : ਪ੍ਰਧਾਨ ਧਾਮੀ

**ਅੰਮ੍ਰਿਤਸਰ, 3 ਜਨਵਰੀ (ਆਵਾਜ਼ਿ ਕੌਮ ਬਿਊਰੋ)**-328 ਸਰੂਪਾਂ ਦੇ ਮਾਮਲੇ 'ਤੇ ਐਸਜੀਪੀਸੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਦੱਸ ਦਈਏ ਕਿ ਐਡਵੋਕੇਟਰ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਰਕਾਰੀ ਦਖਲਅੰਦਾਜੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤਹਿਸ-ਨਹਿਸ ਕਰਨ ਲਈ ਹਮਲੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਅਸਿੱਧੇ ਤੌਰ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਅਦਾਲਤ 'ਚ ਮੰਨਿਆ ਕਿ SGPC ਦੇ ਕੰਮ 'ਚ ਦਖ਼ਲ ਨਹੀਂ ਦਿੱਤਾ ਜਾ ਸਕਦਾ ਹੈ। ਐਸਆਈਟੀ ਨੂੰ ਸਹਿਯੋਗ 'ਤੇ ਐਸਜੀਪੀਸੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਆਈਪੀਸੀ ਦੀਆਂ ਧਾਰਾਵਾਂ ਐਸਜੀਪੀਸੀ 'ਤੇ ਲਾਗੂ ਨਹੀਂ ਹੁੰਦੀਆਂ ਹਨ। 1925 ਦੇ ਐਕਟ ਅਧੀਨ ਕੰਮ ਸ਼੍ਰੋਮਣੀ ਕਮੇਟੀ ਕੰਮ ਨਹੀਂ ਕਰ ਰਹੀ ਹੈ। ਰਾਜਸੀ ਹਿੱਤਾਂ ਦੀ ਪੂਰਤੀ ਲਈ ਸ਼੍ਰੋਮਣੀ ਕਮੇਟੀ ਨੂੰ ਪੰਜਾਬ ਸਰਕਾਰ ਨਿਸ਼ਾਨਾ ਬਣਾ ਰਹੀ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਇਹ ਵੀ ਕਿਹਾ ਕਿ ਉਹ ਐਸਜੀਪੀਸੀ ਦੇ ਪ੍ਰਧਾਨ ਹੋਣ ਦੇ ਨਾਅਤੇ ਇਹ ਦਖਲਅੰਗਦਾਜੀ ਨਹੀਂ ਹੋਣ ਦੇਣਗੇ ਜੇਕਰ ਕਿਸੇ ਵੀ ਤਰ੍ਹਾਂ ਦੀ ਕਾਰਵਾਈ ਕਰਨੀ ਹੈ ਤਾਂ ਉਨ੍ਹਾਂ 'ਤੇ ਕੀਤੀ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਇਹ ਸਿਰਫ ਰਾਜਨੀਤਿਕ ਫਾਇਦਾ ਲੈਣ ਦੇ ਲਈ ਕੀਤਾ ਜਾ ਰਿਹਾ ਹੈ। ਈਸ਼ਰ ਸਿੰਘ ਦੀ ਰਿਪੋਰਟ ਵੀ ਕਹਿੰਦੀ ਹੈ ਕਿ ਸਿਰਫ ਸ੍ਰੀ ਅਕਾਲ ਤਖਤ ਸਾਹਿਬ ਹੀ ਕਾਰਵਾਈ ਕਰੇ। ਕੋਈ ਵੀ ਰਾਜਨੀਤਿਕ ਪਾਰਟੀ ਇਸ 'ਚ ਦਖਲਅੰਦਾਜੀ ਨਹੀਂ ਕਰ ਸਕਦੀ। ਸਾਡਾ ਉਨ੍ਹਾਂ 16 ਮੁਲਜ਼ਮਾਂ ਦਾ ਮੁੱਦਾ ਨਹੀਂ ਹੈ ਐਸਜੀਪੀਸੀ ਨੂੰ ਬਚਾਉਣ ਦੀ ਗੱਲ ਹੈ। ਸਾਡਾ ਉਨ੍ਹਾਂ 16 ਮੁਲਜ਼ਮਾਂ ਨਾਲ ਕੋਈ ਸਰੋਕਾਰ ਨਹੀਂ ਹੈ। ਉਨ੍ਹਾਂ ਨੇ ਹੱਥਜੋੜ ਕੇ ਕੌਮ ਨੂੰ ਬੇਨਤੀ ਕਰਦੇ ਹੋਏ ਕਿਹਾ ਕਿ ਇਸ 'ਚ ਸਰਕਾਰੀ ਦਖਲਅੰਦਾਜੀ ਨਹੀਂ ਹੋਣੀ ਚਾਹੀਦੀ ਇਸਦਾ ਬਹੁਤ ਨੁਕਸਾਨ ਹੋ ਸਕਦਾ ਹੈ। ਉੱਥੇ ਹੀ ਦੂਜੇ ਪਾਸੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਗੁਰਦੁਆਰਾ ਐਕਟ 1925 ਦੇ ਅਨੁਸਾਰ ਹੋਂਦ 'ਚ ਆਈ ਹੈ ਇਸ ਸੰਸਥਾ ਦੇ ਨਿਯਮਾਂ ਅਨੁਸਾਰ ਸਰੂਪਾਂ ਦੇ ਮਾਮਲੇ ਚ ਬਣਦੀ ਕਾਰਵਾਈ ਕੀਤੀ ਹੈ। ਪਰ ਕਿਉਕਿ ਹੁਣ ਆਮ ਆਦਮੀ ਪਾਰਟੀ ਕੋਲ ਕੋਈ ਮੁੱਦਾ ਨਹੀਂ ਬਚਿਆ ਸੀ ਤਾਂ ਅਕਾਲੀ ਦਲ ਨੂੰ ਨਿਸ਼ਾਨਾ ਬਣਾਉਣ ਲਈ ਇਹ ਐਫਆਈਆਰ ਕੀਤੀ ਗਈ। ਉਨ੍ਹਾਂ ਨੇ ਐਫਆਈਆਰ 'ਚ ਲਗਾਈਆਂ ਧਾਰਾਵਾਂ 'ਤੇ ਉਨ੍ਹਾਂ ਨੇ ਸਵਾਲ ਚੁੱਕਦੇ ਹੋਏ ਕਿਹਾ ਕਿ ਇਹ ਧਾਰਾਵਾਂ ਇਸ ਮਾਮਲੇ 'ਚ ਲਾਗੂ ਨਹੀਂ ਸਨ। ਸ੍ਰੀ ਅਕਾਲ ਤਖਤ ਸਾਹਿਬ ਦੀ ਪ੍ਰਭੂਸੱਤਾ ਨੂੰ ਚੁਣੌਤੀ ਦਿੱਤੀ ਗਈ ਹੈ ਇਸੇ ਲਈ ਮੈਂ ਬਿਨਾ ਫੀਸ ਤੋਂ ਇਹ ਕੇਸ ਲੜ ਰਿਹਾ ਹਾਂ। ਪੰਜਾਬ ਸਰਕਾਰ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਖਿਲਾਫ ਕਾਰਵਾਈ ਕਰਨ ਦੇ ਰੋਹ 'ਚ ਹੈ। ਗਿਆਨੀ ਜੈਲ ਸਿੰਘ ਦੇ ਸਾਈਨ ਨਾਲ ਸ੍ਰੀ ਦਰਬਾਰ ਸਾਹਿਬ ਤੇ ਹਮਲਾ ਕੀਤਾ ਗਿਆ। ਉਸੇ ਪਰਿਵਾਰ ਦਾ ਮੈਂਬਰ ਸਪੀਕਰ ਸੰਧਵਾਂ ਹੁਣ ਸ੍ਰੀ ਅਕਾਲ ਤਖਤ ਸਾਹਿਬ ਨੂੰ ਚੁਣੌਤੀ ਦੇ ਰਿਹਾ ਹੈ। ਗਿਆਨੀ ਹਰਪ੍ਰੀਤ ਸਿੰਘ ਉਸ ਵੇਲੇ ਇਹ ਬਿਆਨ ਦੇ ਚੁੱਕੇ ਹਨ ਕਿ ਸਰੂਪਾਂ ਦੀ ਬੇਅਦਬੀ ਨਹੀਂ ਹੋਈ। ਡਾਕਟਰ ਈਸ਼ਰ ਸਿੰਘ ਦੀ ਰਿਪੋਰਟ 'ਚ ਕੀਤੇ ਵੀ ਕਾਨੂੰਨੀ ਕਾਰਵਾਈ ਦੀ ਸਿਫਾਰਿਸ਼ ਨਹੀਂ ਕੀਤੀ ਗਈ। ਸ਼੍ਰੋਮਣੀ ਕਮੇਟੀ ਦੇ ਅਧਿਕਾਰ ਖੇਤਰ 'ਚ ਦਖਲ ਅੰਦਾਜੀ ਨਹੀਂ ਹੋਣੀ ਚਾਹੀਦੀ ਹੈ।



## ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 328 ਸਰੂਪਾਂ ਮਾਮਲੇ 'ਚ ਜਾਂਚ ਤੇਜ਼

**ਅੰਮ੍ਰਿਤਸਰ, 3 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਵਿੱਤਰ ਸਰੂਪਾਂ ਦੇ ਗੰਭੀਰ ਮਾਮਲੇ ਵਿੱਚ ਬਣਾਈ ਗਈ ਵਿਸ਼ੇਸ਼ ਜਾਂਚ ਟੀਮ (SIT) ਨੇ ਜਾਂਚ ਤੇਜ਼ ਕਰ ਦਿੱਤੀ ਹੈ। ਇਸ ਸਬੰਧ ਵਿੱਚ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਪੂਰੀ ਤਰ੍ਹਾਂ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਕੀਤੀ ਜਾ ਰਹੀ ਹੈ। ਇਸ ਮਾਮਲੇ ਵਿੱਚ ਹੁਣ ਤੱਕ ਪੁਲਿਸ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਅੰਦਰੂਨੀ ਆਡੀਟਰ ਅਤੇ ਸੁਖਬੀਰ ਬਾਦਲ ਦੇ ਕਰੀਬੀ ਸਤਿੰਦਰ ਸਿੰਘ ਕੋਹਲੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਦੇ ਅਨੁਸਾਰ, SIT ਵੱਲੋਂ ਅਦਾਲਤ ਤੋਂ ਪ੍ਰਾਪਤ ਸਰਚ ਵਾਰੰਟ ਦੇ ਆਧਾਰ 'ਤੇ ਅੱਜ ਕੁੱਲ 15 ਥਾਵਾਂ 'ਤੇ ਤਲਾਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਵਿੱਚ ਚੰਡੀਗੜ੍ਹ ਵਿੱਚ 2 ਥਾਵਾਂ, ਅੰਮ੍ਰਿਤਸਰ ਸ਼ਹਿਰ ਵਿੱਚ 8 ਥਾਵਾਂ, ਜਦਕਿ ਗੁਰਦਾਸਪੁਰ, ਰੋਪੜ, ਤਰਨਤਾਰਨ ਅਤੇ ਅੰਮ੍ਰਿਤਸਰ ਪੇਂਡੂ ਖੇਤਰਾਂ ਵਿੱਚ ਵੀ ਵੱਖ-ਵੱਖ ਥਾਵਾਂ 'ਤੇ ਸਰਚ ਕੀਤੀ ਜਾ ਰਹੀ ਹੈ।



**ਸੀਨੀਅਰ ਅਧਿਕਾਰੀਆਂ ਦੀ ਨਿਗਰਾਨੀ :** ਉਨ੍ਹਾਂ ਦੱਸਿਆ ਕਿ ਇਸ ਕਾਰਵਾਈ ਦੀ ਨਿਗਰਾਨੀ ਸਿੱਧਾ ਉੱਚ ਅਧਿਕਾਰੀਆਂ ਅਤੇ ਮੁੱਖ ਜਾਂਚ ਅਧਿਕਾਰੀ ਕਰ ਰਹੇ ਹਨ। ਜਾਂਚ ਦਾ ਮੁੱਖ ਉਦੇਸ਼ ਇਹ ਹੈ ਕਿ ਜੋ ਵੀ ਸਬੂਤ, ਦਸਤਾਵੇਜ਼ ਜਾਂ ਤੱਥ ਮਿਲਣ, ਉਹਨਾਂ ਨੂੰ ਰਿਕਾਰਡ 'ਤੇ ਲਿਆਉਂਦਾ ਜਾਵੇ। ਉਨ੍ਹਾਂ ਨੇ ਕਿਹਾ ਕਿ ਮਾਮਲੇ ਵਿੱਚ ਹੁਣ ਤੱਕ ਇੱਕ ਗ੍ਰਿਫ਼ਤਾਰੀ ਹੋ ਚੁੱਕੀ ਹੈ ਅਤੇ ਮੁੱਖ ਆਰੋਪੀ ਸਮੇਤ ਹੋਰ ਸ਼ੱਕੀ ਲੋਕਾਂ ਦੇ ਘਰਾਂ, ਦਫ਼ਤਰਾਂ ਅਤੇ ਟਿਕਾਣਿਆਂ 'ਤੇ ਤਲਾਸ਼ ਕੀਤੀ ਜਾ ਰਹੀ ਹੈ।

**ਕਿਸੇ ਨੂੰ ਬਖ਼ਿਸ਼ਆ ਨਹੀਂ ਜਾਵੇਗਾ-ਪੁਲਿਸ ਕਮਿਸ਼ਨਰ :** ਪੁਲਿਸ ਕਮਿਸ਼ਨਰ ਨੇ ਸਪਸ਼ਟ ਕੀਤਾ ਕਿ ਜਾਂਚ ਪੂਰੀ ਤਰ੍ਹਾਂ ਮੈਰਿਟ ਅਤੇ ਸਬੂਤ-ਆਧਾਰਿਤ ਹੈ ਅਤੇ ਇਸ ਵਿੱਚ ਕਿਸੇ ਨੂੰ ਵੀ ਬਖ਼ਿਸ਼ਆ ਨਹੀਂ ਜਾਵੇਗਾ। ਇਹ ਜਾਂਚ ਇੱਕ ਸੰਵੇਦਨਸ਼ੀਲ ਮਾਮਲਾ ਹੋਣ ਕਾਰਨ ਪੂਰੀ ਗੰਭੀਰਤਾ ਅਤੇ ਨਿਰਪੱਖਤਾ ਨਾਲ ਕੀਤੀ ਜਾ ਰਹੀ ਹੈ। ਇਸ ਸਮੇਂ ਐੱਸਐੱਸ ਕੋਹਲੀ ਰਿਮਾਂਡ 'ਤੇ ਹਨ, ਇਸ ਲਈ ਜਾਂਚ ਨਾਲ ਜੁੜੀ ਹਰ ਜਾਣਕਾਰੀ ਸਾਂਝੀ ਕਰਨਾ ਸੰਭਵ ਨਹੀਂ ਹੈ। ਉਨ੍ਹਾਂ ਦੱਸਿਆ ਕਿ ਇਹ ਪੂਰੀ ਜਾਂਚ ਈਸ਼ਵਰ ਸਿੰਘ ਕਮੇਟੀ ਦੀ ਰਿਪੋਰਟ ਦੇ ਆਧਾਰ 'ਤੇ ਅੱਗੇ ਵਧਾਈ ਜਾ ਰਹੀ ਹੈ, ਜਿਸ ਵਿੱਚ ਹਰ ਵਿਅਕਤੀ ਦੀ ਭੂਮਿਕਾ ਸਪਸ਼ਟ ਤੌਰ 'ਤੇ ਸਾਹਮਣੇ ਆਈ ਹੈ। ਇਸੇ ਆਧਾਰ 'ਤੇ FIR ਦਰਜ ਕੀਤੀ ਗਈ ਅਤੇ ਅੱਗੇ ਦੀ ਜਾਂਚ ਜਾਰੀ ਹੈ। ਆਖ਼ਿਰ ਵਿੱਚ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਜਿਵੇਂ-ਜਿਵੇਂ ਜਾਂਚ ਅੱਗੇ ਵਧੇਗੀ ਅਤੇ ਨਵੇਂ ਤੱਥ ਸਾਹਮਣੇ ਆਉਣਗੇ, ਉਹਨਾਂ ਨੂੰ ਸਮੇਂ-ਸਮੇਂ 'ਤੇ ਮੀਡੀਆ ਨਾਲ ਸਾਂਝਾ ਕੀਤਾ ਜਾਵੇਗਾ।




# ਸ਼ਹੀਦਾਂ ਦੀ ਯਾਦ 'ਚ ਅਤੇ ਭਲਵਾਨਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਇੰਗਲੈਂਡ ਨਿਵਾਸੀ ਸ. ਜੋਗਿੰਦਰ ਸਿੰਘ ਢੰਡੋਵਾਲ ਦੇ ਪਰਿਵਾਰ ਵੱਲੋਂ ਹੋਵੇਗੀ।

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ 12 ਜਨਵਰੀ, 2026 (ਦਿਨ ਸੋਮਵਾਰ) ਸਵੇਰੇ 10.00 ਵਜੇ ਨੂੰ ਹੋਵੇਗੀ, ਜਿਨ੍ਹਾਂ ਦੇ ਭੋਗ 14 ਜਨਵਰੀ, 2026 (ਦਿਨ ਬੁੱਧਵਾਰ) ਨੂੰ ਸਵੇਰੇ 10.00 ਵਜੇ ਪਾਏ ਜਾਣਗੇ। ਅਰਦਾਸ ਉਪਰੰਤ ਦੀਵਾਨ ਸਜਣਗੇ, ਜਿਸ ਦੌਰਾਨ ਪੰਥ ਪ੍ਰਸਿੱਧ ਰਾਗੀ-ਢਾਡੀ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਛਿੰਝ ਦੌਰਾਨ ਭਲਵਾਨ ਆਪਣੀ ਭਲਵਾਨੀ ਦੇ ਜੌਹਰ ਦਿਖਾਉਣਗੇ।

ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

## ਸਮੂਹ ਇਲਾਕਾਵਸੀਆਂ ਨੂੰ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਜੀ

## ਵੱਲੋਂ: ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)

ਸੰਪਰਕ: (ਨਛੱਤਰ ਸਿੰਘ ਸੱਤੀ) 98151-02950, 82840-32366 (ਬਲਿਹਾਰ ਸਿੰਘ ਨੰਬਰਦਾਰ), (ਜੀਤ ਸਿੰਘ) 92573-40139

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ
ਖਾਲ਼ਸਾ ਮੈਮੋਰੀਅਲ ਹਸਪਤਾਲ



ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।
+91 98767-50784 +91 98767-50784
ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਮਹਿਤਾ ਚੌਂਕ, ਅੰਮ੍ਰਿਤਸਰ


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV
0784 102 9416




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਸ਼ਹੀਦੀ ਦਿਹਾੜਾ



ਸ਼੍ਰੀ ਅਕਾਲ ਤਖਤ ਸਾਹਿਬ ਜੀ ਜਥੇਦਾਰ ਸਿੰਘ ਸਾਹਿਬ ਸ਼ਹੀਦ ਭਾਈ ਗੁਰਦੇਵ ਸਿੰਘ ਕਾਉਂਕੇ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 3 ਜਨਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

ਐਤਵਾਰ 4 ਜਨਵਰੀ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12 :30 ਵਜੇ ਤੱਕ ਦੀਵਾਨ ਸੱਜਣਗੇ।



ਕਥਾ ਵਾਚਕ ਗਿਆਨੀ ਜਾਨਪਾਲ ਸਿੰਘ ਕੇਸਰੀ

ਕਥਾ ਵਾਚਕ ਗਿਆਨੀ ਜਾਨਪਾਲ ਸਿੰਘ ਕੇਸਰੀ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਸਰਬੰਸਦਾਨੀ ਦਸ਼ਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ

# ਮਹਾਨ ਨਗਰ ਕੀਰਤਨ ਰੋਹਤਕ ਵਿਖੇ ਆਯੋਜਿਤ

## ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਸਰਦਾਰ ਅਵਤਾਰ ਸਿੰਘ ਖੁਰਾਣਾ,ਸਰਦਾਰ ਗੁਰਜਿੰਦਰ ਸਿੰਘ ਜੀਂਦ ਅਤੇ ਸ਼ਹਿਰ ਨਿਵਾਸੀ ਸਿੱਖ ਸੰਗਤਾਂ ਵਲੋਂ ਨਿੱਘਾ ਸਵਾਗਤ












ਸਰਬੰਸਦਾਨੀ ਦਸ਼ਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਰੋਹਤਕ ਦੀਆਂ ਸੰਗਤਾਂ ਵੱਲੋਂ ਅੱਜ ਰੋਹਤਕ ਸ਼ਹਿਰ ਵਿੱਚ ਕੱਢਿਆ ਗਿਆ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਅਵਤਾਰ ਸਿੰਘ ਖੁਰਾਣਾ,ਸਰਦਾਰ ਗੁਰਜਿੰਦਰ ਸਿੰਘ ਜੀਂਦ ਅਤੇ ਸ਼ਹਿਰ ਨਿਵਾਸੀ ਸਿੱਖ ਸੰਗਤਾਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ।



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਰਬੰਸਦਾਨੀ ਦਸ਼ਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ

# ਮਹਾਨ ਨਗਰ ਕੀਰਤਨ ਰੋਹਤਕ ਵਿਖੇ ਆਯੋਜਿਤ

**ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਸਰਦਾਰ ਅਵਤਾਰ ਸਿੰਘ ਖੁਰਾਣਾ,ਸਰਦਾਰ ਗੁਰਜਿੰਦਰ ਸਿੰਘ ਜੀਂਦ ਅਤੇ ਸ਼ਹਿਰ ਨਿਵਾਸੀ ਸਿੱਖ ਸੰਗਤਾਂ ਵਲੋਂ ਨਿੱਘਾ ਸਵਾਗਤ**




















ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਨੰਬਰਦਾਰ ਜਸਪਾਲ ਸਿੰਘ ਬਰਾੜ ਦੀ ਪੁਸਤਕ

# "ਪੈਂਡਾ ਜੈਸਲਮੇਰ ਤੋਂ ਲਹਿਰੀ" ਜਥੇਦਾਰ ਟੇਕ ਸਿੰਘ ਧਨੌਲਾ ਦੁਆਰਾ ਕੀਤੀ ਲੋਕ ਅਰਪਣ





**ਤਲਵੰਡੀ ਸਾਬੋ, 3 ਜਨਵਰੀ (ਗੁਰਜੰਟ ਸਿੰਘ ਨਥੇਹਾ)**-ਪਿੰਡ ਲਹਿਰੀ ਦੇ ਨੰਬਰਦਾਰ ਸ੍ਰੀ ਜਸਪਾਲ ਸਿੰਘ ਬਰਾੜ ਦੀ ਲਿਖੀ ਪੁਸਤਕ "ਪੈਂਡਾ ਜੈਸਲਮੇਰ ਤੋਂ ਲਹਿਰੀ" ਦਾ ਰਿਲੀਜ਼ ਸਮਾਗਮ ਪਿੰਡ ਲਹਿਰੀ ਦੇ ਗੁਰਦੁਆਰਾ ਸਾਹਿਬ ਵਿਖੇ ਸ਼ਰਧਾ ਅਤੇ ਸਾਦਗੀ ਨਾਲ ਆਯੋਜਿਤ ਕੀਤਾ ਗਿਆ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਧਨੌਲਾ ਨੇ ਇਸ ਪੁਸਤਕ ਨੂੰ ਲੋਕ ਅਰਪਣ ਕੀਤਾ ਗਿਆ। ਸਮਾਗਮ ਦੌਰਾਨ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਧਨੌਲਾ ਨੇ ਕਿਹਾ ਕਿ ਇਹ ਪੁਸਤਕ ਸਿਰਫ਼ ਇੱਕ ਵਿਅਕਤੀ ਦੀ ਜੀਵਨ ਯਾਤਰਾ ਨਹੀਂ, ਸਗੋਂ ਪੰਜਾਬੀ ਸਮਾਜ, ਇਤਿਹਾਸ ਅਤੇ ਸੰਸਕਾਰਾਂ ਨਾਲ ਜੁੜਿਆ ਇੱਕ ਮਹੱਤਵਪੂਰਨ ਦਸਤਾਵੇਜ਼ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਲਿਖਤਾਂ ਨਵੀਂ ਪੀੜ੍ਹੀ ਲਈ ਪ੍ਰੇਰਣਾ ਦਾ ਸਰੋਤ ਬਣਦੀਆਂ ਹਨ ਅਤੇ ਆਪਣੇ ਮੂਲ ਨਾਲ ਜੁੜੇ ਰਹਿਣ ਦਾ ਸੰਦੇਸ਼ ਦਿੰਦੀਆਂ ਹਨ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਜਗਤਾਰ ਸਿੰਘ ਅਤੇ ਧਰਮ ਪ੍ਰਚਾਰ ਕਮੇਟੀ ਦੇ ਇੰਚਾਰਜ ਭਾਈ ਭੋਲਾ ਸਿੰਘ ਹੀਰੇਵਾਲਾ ਨੇ ਨੰਬਰਦਾਰ ਜਸਪਾਲ ਸਿੰਘ ਨੂੰ ਵਧਾਈ ਦਿੰਦਿਆਂ ਪੁਸਤਕ ਸਬੰਧੀ ਜਾਣਕਾਰੀ ਦਿੱਤੀ। ਨੰਬਰਦਾਰ ਜਸਪਾਲ ਸਿੰਘ ਬਰਾੜ ਨੇ ਇਸ ਮੌਕੇ ਆਪਣੀ ਪੁਸਤਕ ਬਾਰੇ ਦੱਸਿਆ ਕਿ "ਪੈਂਡਾ ਜੈਸਲਮੇਰ ਤੋਂ ਲਹਿਰੀ" ਵਿੱਚ ਉਨ੍ਹਾਂ ਨੇ ਆਪਣੇ ਜੀਵਨ ਦੇ ਤਜਰਬਿਆਂ ਦੇ ਨਾਲ-ਨਾਲ ਪਰਵਾਸ, ਸੰਘਰਸ਼ ਅਤੇ ਪਿੰਡ ਨਾਲ ਅਟੁੱਟ ਪਿਆਰ ਨੂੰ ਸ਼ਬਦਾਂ 'ਚ ਬਿਆਨ ਕਰਨ ਦੀ ਕੋਸ਼ਿਸ਼ ਕੀਤੀ ਹੈ। ਸਮਾਂ ਦੀ ਸਮਾਪਤੀ ਮੌਕੇ ਜਥੇਦਾਰ ਟੇਕ ਸਿੰਘ ਧਨੌਲਾ ਅਤੇ ਮੋਹਤਬਰਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਸਮਾਗਮ ਵਿੱਚ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵਿੱਚੋਂ ਪਿੰਡ ਲਹਿਰੀ ਦੇ ਸਰਪੰਚ ਹਰਮੰਦਰ ਸਿੰਘ ਬਰਾੜ, ਨੰਬਰਦਾਰ ਯੂਨੀਅਨ ਬਲਾਕ ਪ੍ਰਧਾਨ ਗੁਰਪਾਲ ਸਿੰਘ, ਭਾਕਰ ਸਿੰਘ ਜਿਲਾ ਪ੍ਰਧਾਨ ਨੰਬਰਦਾਰ ਯੂਨੀਅਨ, ਗੁਰਪ੍ਰੇਮ ਸਿੰਘ ਲਹਿਰੀ, ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਤਲਵੰਡੀ ਸਾਬੋ ਇੰਚਾਰਜ ਸ਼ਮਸ਼ੇਰ ਸਿੰਘ ਖਾਲਸਾ, ਸ਼ਹੀਦ ਭਗਤ ਸਿੰਘ ਨਸ਼ਾ ਵਿਰੋਧੀ ਮੰਚ ਤਲਵੰਡੀ ਸਾਬੋ ਦੇ ਮੇਜਰ ਸਿੰਘ ਕਮਾਲੂ, ਗੁਰੂ ਹਰਗੋਬਿੰਦ ਪਬਲਿਕ ਸਕੂਲ ਲਹਿਰੀ ਦੇ ਪ੍ਰਿੰਸੀਪਲ ਸ੍ਰ. ਲਖਵਿੰਦਰ ਸਿੰਘ ਸਿੱਧੂ, ਭੁਪਿੰਦਰ ਸਿੰਘ ਲਹਿਰੀ, ਪਿੰਡ ਵਾਸੀ ਅਤੇ ਸਾਹਿਤ ਪ੍ਰੇਮੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਸਮਾਗਮ ਦੇ ਅੰਤ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਪਾਵਨ ਸਰੂਪਾਂ ਨੂੰ ਗਾਇਬ ਕਰਨ ਵਾਲੇ ਦੋਸ਼ੀਆਂ ਦੇ ਕਾਰਵਾਈ ਕਰਨ 'ਤੇ

# ਭਗਵੰਤ ਮਾਨ ਸਰਕਾਰ ਦੀ ਸ਼ਲਾਘਾ—ਏਕਨੂਰ ਖਾਲਸਾ ਫੌਜ

**ਫ਼ਿਰੋਜ਼ਪੁਰ, 03 ਜਨਵਰੀ (ਮਨੋਹਰ ਲਾਲ) :—** ਜਿਹੜੀ ਵਾੜ ਹੀ ਖੇਤ ਨੂੰ ਖਾਣਾ ਸ਼ੁਰੂ ਕਰ ਦੇ ਉਸ ਖੇਤ ਨੂੰ ਤਾਂ ਰੱਬ ਵੀ ਨਹੀਂ ਬਚਾ ਸਕਦਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਜਥੇਦਾਰ ਲਖਬੀਰ ਸਿੰਘ ਪ੍ਰਧਾਨ ਏਕਨੂਰ ਖਾਲਸਾ ਫੌਜ਼ ਨੇ ਕਿਹਾ ਕਿ ਲੱਖਾਂ ਕੁਰਬਾਨੀਆਂ ਦੇ ਕੇ ਹੌਂਦ ਵਿਚ ਆਈ ਸ਼੍ਰੋਮਣੀ ਕਮੇਟੀ ਜਿਸ ਦਾ ਕੰਮ ਸੀ, ਸਿੱਖ ਧਰਮ ਦੀ ਰਾਖੀ ਕਰਨੀ, ਹਰ ਪਿੰਡ—ਸ਼ਹਿਰ ਤੱਕ ਪਹੁੰਚ ਕਰਨੀ ਅਤੇ ਲੋੜਵੰਦ ਸਿੱਖਾਂ ਦੀ ਸਾਰ ਲੈਣੀ, ਉਨ੍ਹਾਂ ਦੀ ਘਰ ਦੀ ਹਾਲਾਤ ਵੇਖਣੀ ਪਰਿਵਾਰ ਦੀ ਪੜਾਈ ਦਾ ਸਿਹਤ ਦਾ ਲੋੜ ਅਨੁਸਾਰ ਕੰਮ ਕਰਨਾ, ਪਰ ਅਫਸੋਸ ਲੰਮੇ ਸਮੇਂ ਤੋਂ ਸਿਰਫ ਇਕ ਪਰਿਵਾਰ ਨੇ ਕਬਜਾ ਕਰ ਰੱਖਿਆ ਹੈ, ਜੋ਼ ਸਿਰਫ ਆਪਣੀ ਜੰਗੀਰ ਸਮਝਦੀ ਹੈ। ਦੂਜੇ ਪਾਸੇ ਸਿੱਖ ਧਰਮ ਦੀ ਆਸਥਾ ਜਗਤ ਜ਼ੋਤ ਸ਼ਬਦ ਗੁਰੂ ਧੰਨ—ਧੰਨ ਸਤਿਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਵਿਚ ਅਣਗਹਿਲੀ ਅਤੇ ਪਿਛਲੇ ਪੰਜ ਸਾਲਾਂ ਤੋਂ ਜਿਆਦਾ ਸਮੇਂ ਤੋਂ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 328 ਸਰੂਪ ਕਿਥੇ ਭੇਜੇ ਕਿਸ ਨੂੰ ਦਿੱਤੇ ਜਾਂ ਹੋਰ ਕੋਈ ਮਕ'ਦ ਲਈ 328 ਪਾਵਨ ਸਰੂਪਾਂ ਨੂੰ ਪਾਸੇ ਕੀਤਾ, ਜਦ ਸਿੱਖ ਕੌਮ ਨੂੰ ਪਤਾ ਲੱਗਾ ਤਾਂ ਦੀਵਾਨ ਹਾਲ ਮੰਜੀ ਸਾਹਿਬ ਦੇ ਕੋਲ ਮੁੱਖ ਦਫਤਰ ਸਾਹਮਣੇ ਜਥੇਬੰਦੀਆਂ ਨੇ ਧਰਨਾ ਦਿੱਤ ਕਿ ਅਸਲ ਦੋਸ਼ੀਆਂ ਨੂੰ ਸਾਹਮਣੇ ਲਿਆਂਦਾ ਜਾਵੇ, ਉਲਟਾ ਸਿੱਖਾਂ ਦੀਆਂ ਦਸਤਾਰਾਂ ਉਤਾਰੀਆਂ ਗਈਆਂ, ਬੀਬੀਆਂ ਦੀ ਬੇਪਤੀ ਕੀਤੀ ਗਈ।



ਜਥੇਦਾਰ ਲਖਬੀਰ ਸਿੰਘ ਨੇ ਕਿਹਾ ਕਿ ਹੁਣ ਜਦੋਂ ਸਰਦਾਰ ਭਗਵੰਤ ਸਿੰਘ ਮਾਨ ਸਰਕਾਰ ਨੇ ਹਾਈਕੋਰਟ ਦੇ ਆਦੇਸ਼ਾਂ ਤੇ ਪਰਚੇ ਦਰਜ ਕੀਤੇ ਹਨ ਤਾਂ ਧਾਮੀ ਐਂਡ ਕੰਪਨੀ ਨੂੰ ਪਤਾ ਨੀ ਕੀ ਤਕਲੀਫ ਹੋ ਗਈ। ਇਕ ਪਾਸੇ ਤਾਂ ਪਹਿਲਾਂ ਖੁਦ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਕਹਿੰਦਾ ਸੀ ਕਿ ਫੌਜਦਾਰੀ ਪਰਚੇ ਦਰਜ ਹੋਣੇ ਚਾਹੀਦੇ ਹਨ ਹੁਣ ਜੇ ਮਾਨ ਸਰਕਾਰ ਨੇ ਪਰਚੇ ਕੀਤੇ ਹਨ ਤਾਂ ਧਰਮ ਦਾ ਰੌਲਾ ਪਾਉਣਾ ਸ਼ੁਰੂ ਕਰ ਦਿੱਤਾ ਹੈ। ਅੱਗੇ ਗੱਲ ਕਰਦਿਆਂ ਸੀਨੀਅਰ ਮੀਤ ਪ੍ਰਧਾਨ ਭਾਈ ਨਿਰਮਲ ਸਿੰਘ ਗੱਟਾ ਬਾਦਸ਼ਾਹ ਨੇ ਕਿਹਾ ਕਿ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਇਕੱਲੀ ਸ਼੍ਰੋਮਣੀ ਕਮੇਟੀ ਜਾਂ ਪ੍ਰਧਾਨ ਧਾਮੀ ਜਾਂ ਬਾਦਲਾਂ ਦੇ ਨਹੀਂ ਹਨ, ਸਮੁੱਚੀ ਕੌਮ ਦੇ ਹਨ, ਸਾਡਾ ਸਾਰਿਆਂ ਦਾ ਫਰਜ ਬਣਦਾ ਹੈ ਪ੍ਰਧਾਨ ਧਾਮੀ ਸਮੇਤ ਜਦੋਂ ਪੁਲਿਸ ਪ੍ਰਸ਼ਾਸਨ ਸਰਕਾਰ ਤੇ ਅਦਾਲਤ ਨੂੰ ਸਹਿਯੋਗ ਦੇ ਕੇ ਅਸਲ ਦੋਸ਼ੀਆਂ ਨੂੰ ਕਟਹਿਰੇ ਖੜ੍ਹਾ ਕਰੀਏ ਤਾਂ ਕਿ ਸੱਚ ਸਾਹਮਣੇ ਆ ਸਕੇ। ਆਗੂਆਂ ਨੇ ਕਿਹਾ ਕਿ ਅਸੀਂ ਧੰਨਵਾਦੀ ਹਾਂ ਮਾਨ ਸਰਕਾਰ ਦੇ ਜਿਨ੍ਹਾਂ ਹਾਈਕੋਰਟ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਕਾਰਵਾਈ ਸ਼ੁਰੂ ਕੀਤੀ ਹੈ। ਇਸ ਮੌਕੇ ਤੇ ਭਾਈ ਰਣਧੀਰ ਸਿੰਘ ਮੀਤ ਪ੍ਰਧਾਨ, ਅਵਤਾਰ ਸਿੰਘ ਲੋਹਗੜ੍ਹ, ਸੁਖਵਿੰਦਰ ਸਿੰਘ, ਬਲਜਿੰਦਰ ਸਿੰਘ, ਗੁਰਦੇਵ ਸਿੰਘ ਮੀਤ ਪ੍ਰਧਾਨ, ਗੁਰਚਰਨ ਸਿੰਘ ਗੱਟੀ ਜਲਾਲਾਬਾਦ, ਲਾਲ ਸਿੰਘ ਸਰਕਲ ਮਮਦੋਟ, ਪ੍ਰੀਤਮ ਸਿੰਘ ਘੱਲ ਖੁਰਦ, ਸੁਖਮੰਦਰ ਸਿੰਘ ਮੁੱਦਕੀ ਸਰਕਲ, ਸੂਬੇਦਾਰ ਚਮਕੌਰ ਸਿੰਘ ਸ਼ਕੂਰ ਸਰਕਲ ਤਲਵੰਡੀ ਭਾਈ, ਦਰਸ਼ਨ ਸਿੰਘ ਲਹੁਕੇ, ਅਮਰੀਕ ਸਿੰਘ ਪ੍ਰੈਸ ਸਕੱਤਰ, ਸਵਰਨ ਸਿੰਘ ਸ਼ਹਿਰੀ ਪ੍ਰਧਾਨ, ਜਗਜੀਤ ਸਿੰਘ ਮੱਲਾਂਵਾਲਾ, ਨਛੱਤਰ ਸਿੰਘ ਪ੍ਰਧਾਨ ਫਰੀਦਕੋਟ, ਰੁਪਿੰਦਰ ਸਿੰਘ ਜਲਾਲੇਆਣਾ, ਪਿੱਪਲ ਸਿੰਘ ਮਾਲਵਾ ਜ਼ੋਨ ਇੰਚਾਰਜ ਸਰਕਲ ਇੰਚਾਰਜ ਮੋਗਾ, ਤਰਨਤਾਰਨ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕੇਂਦਰ ਦੀ ਭਾਜਪਾ ਸਰਕਾਰ ਮਜ਼ਦੂਰਾਂ ਦੇ ਹੱਕਾਂ ਤੇ ਡਾਕਾ, ਮਨਰੇਗਾ ਵਿੱਚ ਬਦਲਾਅ ਕਰਕੇ ਮਾਰ ਰਹੀ ਹੈ ਡਾਕਟਰ ਜਗਜੀਵਨ ਸਿੰਘ ਸ਼ੇਰਪੁਰ



**ਸ਼ੇਰਪੁਰ (ਰਣਜੀਤ ਸਿੰਘ ਪੇਧਨੀ )**-ਕੇਂਦਰ ਦੀ ਭਾਜਪਾ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਮਨਰੇਗਾ ਨੂੰ ਖਤਮ ਕਰਕੇ ਮਜ਼ਦੂਰਾਂ, ਕਿਰਤੀਆਂ ਦੇ ਹੱਕਾਂ ਤੇ ਡਾਕੇ ਮਾਰ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਬਰਨਾਲਾ ਦੇ ਇੰਚਾਰਜ, ਉੱਘੇ ਸਮਾਜ ਸੇਵੀ ਡਾਕਟਰ ਜਗਜੀਵਨ ਸਿੰਘ ਸ਼ੇਰਪੁਰ ਨੇ ਕੀਤਾ। ਉਨ੍ਹਾਂ ਕਿਹਾ ਕਿ ਭਾਰਤ ਦਾ ਸੰਵਿਧਾਨ ਸਰਕਾਰ ਵੱਲੋ ਦੇਸ਼ ਦੇ ਨਾਗਰਿਕਾਂ ਦੀ ਰਾਖੀ ਕਰਨਾ, ਉਨ੍ਹਾਂ ਲਈ ਰੁਜ਼ਗਾਰ ਦੇ ਵਸੀਲੇ ਪੈਦਾ ਕਰਨ ਲਈ ਵਚਨਵੱਧ ਬਣਾਉਂਦਾ ਹੈ। 'ਸਭਕਾ ਸਾਥ,ਸਭਕਾ ਵਿਕਾਸ' ਦੇ ਨਾਅਰੇ ਲਾਉਣ ਵਾਲੀ ਕੇਂਦਰ ਦੀ ਭਾਜਪਾ ਸਰਕਾਰ ਰੁਜ਼ਗਾਰ ਗਰੰਟੀ ਸਕੀਮ ਮਨਰੇਗਾ ਨੂੰ ਬਦਲਕੇ ਜੋ ਨਵਾਂ ਮੁਹਿੰਮ ਦੇ ਤਹਿਤ ਐਕਟ 2025 ਵਿਕਸਤ ਭਾਰਤ -ਗਰੰਟੀ ਫਾਰ ਰੋਜਗਾਰ ਐਂਡ ਅਜੀਵਕਾ ਮਿਸ਼ਨ (ਗ੍ਰਾਮੀਣ) ਬਣਾਇਆ ਹੈ। ਉਸ ਨਾਲ ਮਜ਼ਦੂਰਾਂ ਨੂੰ ਰੁਜ਼ਗਾਰ ਤੋਂ ਦੂਰ ਕਰਨ ਦੀ ਸ਼ਾਜਿਸ਼ ਘੜੀ ਗਈ ਹੈ। ਉਨ੍ਹਾਂ ਕਿਹਾ ਕਿ ਦਿੱਲੀ ਵਿਖੇ ਤੁਗਲਕਾਬਾਦ ਸ੍ਰੀ ਗੁਰੂ ਰਵਿਦਾਸ ਗੁਰੂ ਘਰ ਨੂੰ ਤੋੜਨ ਵਾਲੀ ਕੇਂਦਰ ਦੀ ਸਰਕਾਰ ਅਤੇ ਪਿੰਡ ਧਲੇਤਾ, ਵਿਧਾਨ ਸਭਾ ਹਲਕਾ ਫਿਲੌਰ (ਪੰਜਾਬ) ਵਿਖੇ ਗੁਰੂ ਰਵਿਦਾਸ ਗੁਰੂ ਘਰ ਤੇ ਹਮਲਾ ਕਰਨ ਵਾਲੀ ਆਪ ਸਰਕਾਰ ਦੋਨਾਂ ਗੁਰਦੁਆਰਿਆਂ ਤੇ ਹਮਲੇ ਤੋਂ ਬਾਅਦ ਚੁੱਪ ਰਹਿਣ ਵਾਲੇ ਕਾਂਗਰਸ ਅਤੇ ਅਕਾਲੀਆਂ ਨੂੰ 2027 'ਚ ਰੱਦ ਕਰਕੇ ਗੁਰੂ ਸਾਹਿਬ ਦੀ ਸੋਚ ਦਾ ਬੇਗਮਪੁਰਾ ਬਣਾਵਾਂਗੇ। ਉਨਾਂ ਕਿਹਾ ਕਿ 2027 ਵਿੱਚ ਗੁਰੂ ਘਰਾਂ 'ਤੇ ਹਮਲੇ ਦਾ ਬਦਲਾ ਲਿਆ ਜਾਊਗਾ ਅਤੇ ਪਰਾਧੀਨਤਾ ਦਾ ਅੰਤ ਕਰਨ ਲਈ ਪੰਜਾਬ ਸੰਭਾਲੋ ਮਹਿਮ ਨੂੰ ਪਿੰਡ ਪਿੰਡ ਪਹੁੰਚਾਇਆ ਜਾਊਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਭਗਵੰਤ ਮਾਨ ਨੇ ਨਵੇਂ ਸਾਲ 'ਚ 10 ਲੱਖ ਰੁਪਏ ਦੇ ਮੁ.ਫਤ ਇਲਾਜ ਦਾ ਦਿੱਤਾ ਤੋਹ.ਫਾ : ਜੱਸੀ ਸੇਖੋਂ



**ਧੂਰੀ (ਰਣਜੀਤ ਸਿੰਘ ਪੇਧਨੀ )**-ਨਵਾਂ ਸਾਲ 2026 ਪੰਜਾਬ ਅਤੇ ਪੰਜਾਬੀਆਂ ਲਈ ਖੁਸ਼ੀਆਂ ਖੇੜਿਆਂ, ਤੰਦਰੁਸਤੀ, ਖੁਸ਼ਹਾਲੀ ਅਤੇ ਤਰੱਕੀਆਂ ਦਾ ਸੁਨੇਹਾ ਲੈ ਕੇ ਆਵੇ। ਭਗਵੰਤ ਸਿੰਘ ਮਾਨ ਮੁੱਖ ਮੰਤਰੀ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਅਤੇ ਪੰਜਾਬੀਅਤ ਲਈ ਤਰੱਕੀ ਦੀਆਂ ਲੀਹਾਂ ਤੇ ਲੈ ਜਾਣ ਲਈ ਸਮੇਂ ਸਮੇਂ ਤੇ ਕੋਈ ਨਾ ਕੋਈ ਵੱਡਾ ਉਪਰਾਲਾ ਕਰਦੀ ਹੀ ਰਹਿੰਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਸੀਨੀਅਰ ਆਗੂ ਜਸਵੀਰ ਸਿੰਘ ਜੱਸੀ ਸੇਖੋਂ ਮੈਂਬਰ ਫੂਡ ਕਮਿਸ਼ਨ ਪੰਜਾਬ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬੀਆਂ ਨੂੰ ਤੰਦਰੁਸਤ ਪੰਜਾਬ ਦੇ ਤਹਿਤ ਨਵੇਂ ਸਾਲ ਦਾ ਤੋਹਫਾ ਦਿੰਦੇ ਹੋਏ ਇਹ ਰਕਮ 10 ਲੱਖ ਰੁਪਏ ਤੱਕ ਦੀ ਕਰ ਦਿੱਤੀ ਹੈ ਤਾਂ ਕਿ ਜ਼ਰੂਰਤਮੰਦ ਲੋਕਾਂ ਦੇ ਇਲਾਜ ਵਿੱਚ ਕਿਸੇ ਵੀ ਤਰੀਕੇ ਦੀ ਪੈਸਿਆਂ ਪੱਖੋਂ ਕਮੀ ਨਾ ਰਹਿ ਜਾਵੇ। ਭਗਵੰਤ ਸਿੰਘ ਮਾਨ ਦੀ ਸੁਚੱਜੀ ਅਗਵਾਈ ਵਾਲੀ ਸਰਕਾਰ ਅਤੇ ਮਾਨ ਸਾਹਿਬ ਦੀ ਦੂਰਅੰਦੇਸ਼ੀ ਸੋਚ ਪੰਜਾਬ ਨੂੰ ਹਰ ਦਿਨ ਇੱਕ ਨਵੀਂ ਦਿਸ਼ਾ ਵੱਲ ਲੈ ਕੇ ਜਾ ਰਹੀ ਹੈ। ਜਿਸ ਦੀਆਂ ਬਹੁਤ ਸਾਰੀਆਂ ਪੁਰਾਣੀਆਂ ਮਿਸਾਲਾਂ ਵੇਖਣ ਨੂੰ ਮਿਲੀਆਂ ਸਨ। ਅਤੇ ਹੁਣ ਬਹੁਤ ਜਲਦ ਹੀ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲੇ, ਨਵੀਆਂ ਪ੍ਰਾਪਤੀਆਂ, ਨਵੀਆਂ ਉਪਲਬਧੀਆਂ ਜਲਦ ਹੀ ਪੰਜਾਬੀਆਂ ਦੇ ਸਾਹਮਣੇ ਹੋਣਗੀਆਂ, ਪੰਜਾਬ ਸਰਕਾਰ ਦੇ ਇਹਨਾਂ ਸੁੱਖ ਸਹੂਲਤਾਂ ਤੇ ਉਪਰਾਲਿਆਂ ਤੋਂ ਪੰਜਾਬ ਦਾ ਹਰ ਵਰਗ ਬਹੁਤ ਖੁਸ਼ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਧਾਨ ਸਭਾ ਚੋਣਾਂ 'ਚ ਕਾਂਗਰਸ ਦੀ ਸਰਕਾਰ ਬਣਨੀ ਤੈਅ : ਗੁਰਮੇਲ ਸਿੰਘ ਮੌੜ



ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ ) -ਪੰਜਾਬ ਵਿੱਚ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਮਾਹੌਲ ਤੇਜ਼ੀ ਨਾਲ ਤਪਦਾ ਨਜ਼ਰ ਆ ਰਿਹਾ ਹੈ। 2027 ਦੀਆਂ ਚੋਣਾਂ ਵਿੱਚ ਪੰਜਾਬ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਬਣਨੀ ਪੂਰੀ ਤਰ੍ਹਾਂ ਤੈਅ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਗੁਰਮੇਲ ਸਿੰਘ ਮੌੜ ਸੰਗਠਨ ਇੰਚਾਰਜ ਧੂਰੀ ਨੇ ਕੀਤਾ।

ਉਨ੍ਹਾਂ ਕਿਹਾ ਕਿ ਲੋਕਾਂ ਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪੂਰੀ ਤਰ੍ਹਾਂ ਮੋਹ ਭੰਗ ਹੋ ਚੁੱਕਾ ਹੈ ਤੇ ਹੁਣ ਲੋਕਾਂ ਕੋਲ ਇੱਕੋ ਇੱਕ ਭਰੋਸੇਯੋਗ ਵਿਕਲਪ ਕਾਂਗਰਸ ਪਾਰਟੀ ਹੀ ਬਚੀ ਹੈ। ਆਮ ਆਦਮੀ ਪਾਰਟੀ ਨੇ ਚੋਣਾਂ ਦੌਰਾਨ ਪੰਜਾਬ ਦੀ ਜਨਤਾ ਨਾਲ ਜੋ ਵੱਡੇ-ਵੱਡੇ ਵਾਅਦੇ ਕੀਤੇ ਸਨ, ਉਹ ਜ਼ਮੀਨੀ ਪੱਧਰ 'ਤੇ ਪੂਰੇ ਕਰਨ ਵਿੱਚ ਨਾਕਾਮ ਰਹੀ ਹੈ ਸੂਬੇ ਵਿੱਚ ਵਧ ਰਹੀ ਮਹਿੰਗਾਈ, ਬੇਰੁਜ਼ਗਾਰੀ, ਨਸ਼ਿਆਂ ਦੀ ਸਮੱਸਿਆ ਤੇ ਕਾਨੂੰਨ-ਵਿਵਸਥਾ ਦੀ ਕਮਜ਼ੋਰ ਸਥਿਤੀ ਕਾਰਨ ਆਮ ਲੋਕ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ ਉਨ੍ਹਾਂ ਆਖਿਆ ਕਿ ਕਿਸਾਨ, ਨੌਜਵਾਨ, ਵਪਾਰੀ ਤੇ ਮੁਲਾਜ਼ਮ ਵਰਗ ਸਭ ਸਰਕਾਰ ਦੀਆਂ ਨੀਤੀਆਂ ਤੋਂ ਨਿਰਾਸ਼ ਹਨ ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀ ਨੀਤੀ ਹਮੇਸ਼ਾ ਲੋਕ-ਹਿਤੈਸ਼ੀ ਰਹੀ ਹੈ ਤੇ ਪਾਰਟੀ ਨੇ ਆਪਣੇ ਸ਼ਾਸਨ ਦੌਰਾਨ ਪੰਜਾਬ ਨੂੰ ਵਿਕਾਸ ਦੀ ਰਾਹ 'ਤੇ ਲਿਜਾਣ ਲਈ ਅਹਿਮ ਕਦਮ ਚੁੱਕੇ। ਕਾਂਗਰਸ ਸਰਕਾਰਾਂ ਦੌਰਾਨ ਸੂਬੇ ਵਿੱਚ ਬੁਨਿਆਦੀ ਢਾਂਚੇ ਦਾ ਵਿਕਾਸ, ਸਮਾਜਿਕ ਸੁਰੱਖਿਆ ਯੋਜਨਾਵਾਂ ਤੇ ਲੋਕਾਂ ਦੀ ਭਲਾਈ ਲਈ ਕਈ ਇਤਿਹਾਸਕ ਫ਼ੈਸਲੇ ਲਏ ਗਏ। ਅੱਜ ਪੰਜਾਬ ਦਾ ਹਰ ਵਰਗ ਕਾਂਗਰਸ ਪਾਰਟੀ ਨਾਲ ਜੁੜ ਰਿਹਾ ਹੈ ਤੇ ਪਾਰਟੀ ਦਿਨੋਂ-ਦਿਨ ਮਜ਼ਬੂਤੀ ਵੱਲ ਵਧ ਰਹੀ ਹੈ। ਜ਼ਮੀਨੀ ਪੱਧਰ 'ਤੇ ਵਰਕਰਾਂ ਦੀ ਸਰਗਰਮੀ ਤੇ ਲੋਕਾਂ ਦਾ ਵਧਦਾ ਸਮਰਥਨ ਇਸ ਗੱਲ ਦਾ ਸਬੂਤ ਹੈ ਕਿ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਇੱਕ ਵਾਰ ਫਿਰ ਪੰਜਾਬ ਦੀ ਸੱਤਾ ਸੰਭਾਲੇਗੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹੀ ਉਹ ਪਾਰਟੀ ਹੈ, ਜੋ ਪੰਜਾਬ ਨੂੰ ਇੱਕ ਨਵੀਂ ਦਿਸ਼ਾ, ਸਥਿਰਤਾ ਤੇ ਖੁਸ਼ਹਾਲੀ ਪ੍ਰਦਾਨ ਕਰ ਸਕਦੀ ਹੈ ਅਤੇ 2027 ਵਿੱਚ ਪੰਜਾਬ ਦੀ ਜਨਤਾ ਕਾਂਗਰਸ ਨੂੰ ਭਾਰੀ ਬਹੁਮੱਤ ਨਾਲ ਜਿਤਾਏਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਪੱਤਰ

# ਕੋਹਲੀ ਮਾਮਲੇ 'ਚ ਸੁਖਬੀਰ ਸਿੰਘ ਬਾਦਲ ਦੀ ਜਵਾਬਤਲਬੀ ਕੀਤੀ ਜਾਵੇ: ਪ੍ਰੋ. ਸਰਚਾਂਦ ਸਿੰਘ ਖਿਆਲਾ

☛ ਅੰਤ੍ਰਿੰਗ ਕਮੇਟੀ ਦੇ ਉਹ ਸਾਰੇ ਅਹੁਦੇਦਾਰ, ਜਿਨ੍ਹਾਂ ਦੀ ਹਾਜ਼ਰੀ ਵਿੱਚ ਕੋਹਲੀ ਦਾ ਕਾਰਜਕਾਲ ਵਧਾਇਆ ਗਿਆ ਵੀ ਤਲਬ ਕੀਤੇ ਜਾਣ ☛ ਜਾਂਚ ਰਿਪੋਰਟ 'ਚ ਬੇਅਦਬੀ ਹੋਣ, ਪਾਵਨ ਸਰੂਪਾਂ ਦੇ ਲਾਪਤਾ ਹੋਣ, ਕਾਨੂੰਨੀ ਅਪਰਾਧ ਬੋਧ, ਕਸੂਰਵਾਰਾਂ ਖ਼ਿਲਾਫ਼ ਫ਼ੌਜਦਾਰੀ ਮੁਕੱਦਮਾ ਦਰਜ ਕਰਨ ਦੇ ਤੱਥ ਮੌਜੂਦ ਹਨ



**ਅੰਮ੍ਰਿਤਸਰ, 3 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਪੱਤਰ ਲਿਖਦਿਆਂ 328 ਪਾਵਨ ਸਰੂਪਾਂ ਸੰਬੰਧੀ ਸਤਿੰਦਰ ਸਿੰਘ ਕੋਹਲੀ ਦੇ ਮਾਮਲੇ 'ਚ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੀ ਕਥਿਤ ਭੂਮਿਕਾ ਬਾਰੇ ਜਵਾਬਦੇਹੀ ਤੈਅ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਇਹ ਵੀ ਮੰਗ ਰੱਖੀ ਹੈ ਕਿ ਅੰਤ੍ਰਿੰਗ ਕਮੇਟੀ ਦੇ ਉਹ ਸਾਰੇ ਅਹੁਦੇਦਾਰ, ਜਿਨ੍ਹਾਂ ਦੀ ਮੌਜੂਦਗੀ ਵਿੱਚ ਕੋਹਲੀ ਦਾ ਕਾਰਜਕਾਲ ਵਾਰ-ਵਾਰ ਵਧਾਇਆ ਗਿਆ, ਉਨ੍ਹਾਂ ਨੂੰ ਵੀ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਤਲਬ ਕੀਤਾ ਜਾਵੇ।

ਪ੍ਰੋ. ਖਿਆਲਾ ਨੇ ਕਿਹਾ ਕਿ 328 ਪਾਵਨ ਸਰੂਪਾਂ ਦੀ ਗੁੰਮਸ਼ੁਦਗੀ ਜਾਂ ਉਨ੍ਹਾਂ ਨਾਲ ਸੰਬੰਧਿਤ ਰਿਕਾਰਡ ਨਾ ਮਿਲਣਾ ਕੋਈ ਸਧਾਰਨ ਪ੍ਰਸ਼ਾਸਕੀ ਜਾਂ ਕਾਨੂੰਨੀ ਮਸਲਾ ਨਹੀਂ, ਬਲਕਿ ਇਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਿਆਦਾ, ਸਨਮਾਨ ਅਤੇ ਸਿੱਖ ਪੰਥ ਦੇ ਅਸਤਿਤਵ ਨਾਲ ਜੁੜਿਆ ਹੋਇਆ ਇਕ ਅਤਿ ਗੰਭੀਰ ਅਤੇ ਸੰਵੇਦਨਸ਼ੀਲ ਧਾਰਮਿਕ ਸੰਕਟ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜੋ ਸਿੱਖ ਕੌਮ ਦੀ ਸਰਵਉੱਚ ਧਾਰਮਿਕ ਪ੍ਰਬੰਧਕ ਸੰਸਥਾ ਹੈ, ਇਸ ਘਟਨਾ ਨਾਲ ਆਪਣੀ ਪ੍ਰਸ਼ਾਸਕੀ ਅਸਫਲਤਾ, ਨੈਤਿਕ ਪਤਨ ਅਤੇ ਪੰਥਕ ਭਰੋਸੇ ਦੇ ਟੁੱਟਣ ਨੂੰ ਉਜਾਗਰ ਕਰਦੀ ਹੈ। ਅਤੇ ਲੀਡਰਸ਼ਿਪ ਦੀ ਨੈਤਿਕਤਾ ਉੱਤੇ ਸਿੱਧਾ ਸਵਾਲ ਖੜ੍ਹਾ ਹੁੰਦਾ ਹੈ। ਇਹ ਕੋਈ ਅਚਾਨਕ ਘਟਨਾ ਨਹੀਂ, ਬਲਕਿ 'ਸਿਸਟਮ' ਵੱਲੋਂ ਪੰਥਕ ਸਰੋਕਾਰਾਂ ਨੂੰ ਤਿਲਾਂਜਲੀ ਦੇ ਕੇ ਜਾਣ-ਬੁੱਝ ਕੇ ਦਿੱਤੇ ਗਏ ਅੰਜਾਮ ਦਾ ਨਤੀਜਾ ਹੈ।

ਉਨ੍ਹਾਂ ਦੱਸਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਡਾ. ਈਸ਼ਰ ਸਿੰਘ ਜਾਂਚ ਕਮੇਟੀ ਦੀ ਰਿਪੋਰਟ ਵਿੱਚ ਸਪਸ਼ਟ ਤੌਰ 'ਤੇ "ਬੇਅਦਬੀ ਹੋਣ, ਪਾਵਨ ਸਰੂਪਾਂ ਦੇ ਲਾਪਤਾ ਹੋਣ, ਗੰਭੀਰ ਕਾਨੂੰਨੀ ਅਪਰਾਧ ਅਤੇ ਦੋਸ਼ੀਆਂ ਵਿਰੁੱਧ ਫ਼ੌਜਦਾਰੀ ਮੁਕੱਦਮਾ ਦਰਜ ਕਰਨ" ਵਰਗੇ ਤੱਥ ਦਰਜ ਹਨ। ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਦੇ ਆਦੇਸ਼ਾਂ ਦੀ ਰੋਸ਼ਨੀ ਵਿੱਚ ਮਿਤੀ 27 ਅਗਸਤ 2020 ਨੂੰ ਪਾਸ ਕੀਤੇ ਗਏ ਮਤਾ ਨੰਬਰ 466, ਜਿਸ ਅਧੀਨ ਫ਼ੌਜਦਾਰੀ ਕਾਰਵਾਈ ਦੀ ਗੱਲ ਕੀਤੀ ਗਈ ਸੀ, ਦੇ ਬਾਵਜੂਦ ਉਸ ਫ਼ੈਸਲੇ ਨੂੰ ਸਿਰਫ਼ ਕੁਝ ਦਿਨਾਂ ਬਾਅਦ 05 ਸਤੰਬਰ 2020 ਨੂੰ ਮਤਾ ਨੰਬਰ 493 ਰਾਹੀਂ ਪਲਟ ਕੇ ਸਿਰਫ਼ ਵਿਭਾਗੀ ਕਾਰਵਾਈ ਤਕ ਸੀਮਤ ਕਰ ਦਿੱਤਾ ਗਿਆ।

ਉਨ੍ਹਾਂ ਸ਼੍ਰੋਮਣੀ ਕਮੇਟੀ 'ਤੇ ਸਵਾਲ ਉਠਾਇਆ ਕਿ ਪੰਜ ਸਿੰਘ ਸਾਹਿਬਾਨ ਦੇ ਆਦੇਸ਼ ਅਨੁਸਾਰ ਲਏ ਗਏ ਫ਼ੈਸਲੇ ਨੂੰ ਕਿਸ ਦੇ ਦਬਾਅ ਹੇਠ ਦਰਕਿਨਾਰ ਕੀਤਾ ਗਿਆ? ਕੀ ਇਕ ਸਾਬਕਾ ਸਾਂਸਦ ਸ੍ਰੀ ਅਕਾਲ ਤਖ਼ਤ ਜਾਂ ਪੰਜ ਸਿੰਘ ਸਾਹਿਬਾਨ ਦੀ ਅਥਾਰਿਟੀ ਤੋਂ ਵੱਧ ਅਹਿਮੀਅਤ ਰੱਖਦਾ ਹੈ?

ਉਨ੍ਹਾਂ ਕਿਹਾ ਕਿ ਜਾਂਚ ਰਿਪੋਰਟ ਵਿੱਚ ਇਹ ਵੀ ਸਪਸ਼ਟ ਹੈ ਕਿ ਸਤਿੰਦਰ ਸਿੰਘ ਕੋਹਲੀ ਨੇ ਨਾ ਤਾਂ ਆਪਣੀਆਂ ਜ਼ਿੰਮੇਵਾਰੀਆਂ ਦੀ ਢੰਗ ਨਾਲ ਪਾਲਣਾ ਕੀਤੀ, ਨਾ ਅਕਾਊਂਟਸ ਦਾ ਸਮੇਂ ਸਿਰ ਕੰਪਿਊਟਰੀਕਰਨ ਕੀਤਾ ਅਤੇ ਨਾ ਹੀ ਅੰਮ੍ਰਿਤਸਰ ਆ ਕੇ ਨਿਗਰਾਨੀ ਕੀਤੀ। ਇਸ ਦੇ ਬਾਵਜੂਦ 2010 ਤੋਂ 2020 ਤੱਕ ਉਸ ਦਾ ਕਾਰਜਕਾਲ ਵਾਰ-ਵਾਰ ਵਧਾਇਆ ਗਿਆ ਅਤੇ ਬਿਨਾਂ ਕੰਮ ਪੂਰਾ ਕੀਤੇ ਭੁਗਤਾਨ ਜਾਰੀ ਰੱਖਿਆ ਗਿਆ। ਜਾਂਚ ਕਮੇਟੀ ਨੇ ਇਸ ਪੂਰੇ ਮਾਮਲੇ ਲਈ ਉਸ ਸਮੇਂ ਮੌਜੂਦ ਅੰਤ੍ਰਿੰਗ ਕਮੇਟੀ ਦੇ ਸਾਰੇ ਅਧਿਕਾਰੀਆਂ ਨੂੰ ਜ਼ਿੰਮੇਵਾਰ ਠਹਿਰਾਇਆ ਹੈ।

ਪ੍ਰੋ. ਖਿਆਲਾ ਨੇ ਦੋਸ਼ ਲਗਾਇਆ ਕਿ ਕੋਹਲੀ ਨੂੰ ਲੰਬੇ ਸਮੇਂ ਤੱਕ ਬਚਾਉਣਾ ਅਤੇ ਉਸ ਦੇ ਖ਼ਿਲਾਫ਼ ਫ਼ੈਸਲਿਆਂ ਨੂੰ ਵਾਰ-ਵਾਰ ਬਦਲਣਾ ਉੱਚ ਪੱਧਰੀ ਰਾਜਨੀਤਿਕ ਦਬਾਅ ਵੱਲ ਸਿੱਧਾ ਇਸ਼ਾਰਾ ਕਰਦਾ ਹੈ। ਉਨ੍ਹਾਂ ਕਿਹਾ ਕਿ ਜੇ ਕੋਹਲੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੇ ਵਿਰੁੱਧ ਅਦਾਲਤ ਦਾ ਰੁੱਖ ਕਰਕੇ 75 ਫ਼ੀਸਦੀ ਰਕਮ ਦੀ ਵਸੂਲੀ ਨੂੰ ਚੁਨੌਤੀ ਦਿੱਤੀ ਹੈ, ਤਾਂ ਇਹ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਥਾਰਿਟੀ ਨੂੰ ਸਿੱਧੀ ਚੁਨੌਤੀ ਹੈ। ਅਜਿਹੇ ਵਿਅਕਤੀ ਨਾਲ ਅਕਾਲੀ ਦਲ ਦੇ ਪ੍ਰਧਾਨ ਦੀ ਕਥਿਤ ਨਜ਼ਦੀਕੀ ਪੰਥਕ ਤੌਰ 'ਤੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ। ਪੰਥਕ ਹਲਕਿਆਂ ਵਿੱਚ ਚਰਚਿਤ ਰਹੀਆਂ ਹਨ ਕਿ ਕੋਹਲੀ ਬਾਰੇ ਫ਼ੈਸਲੇ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨਾਲ ਸਲਾਹ ਬਿਨਾਂ ਨਹੀਂ ਕੀਤੇ ਜਾਂਦੇ ਸਨ।

ਉਨ੍ਹਾਂ ਮੰਗ ਕੀਤੀ ਕਿ ਇਸ ਪੂਰੇ ਮਾਮਲੇ ਨੂੰ ਪੰਜ ਸਿੰਘ ਸਾਹਿਬਾਨਾਂ ਦੀ ਗੰਭੀਰ ਵਿਚਾਰਧਾਰਾ ਹੇਠ ਲਿਆਂਦਾ ਜਾਵੇ, ਤਾਂ ਜੋ ਪੰਥਕ ਇਨਸਾਫ਼ ਯਕੀਨੀ ਬਣਾਇਆ ਜਾ ਸਕੇ ਅਤੇ ਸਿੱਖ ਸੰਗਤ ਦਾ ਡਗਮਗਾਇਆ ਹੋਇਆ ਭਰੋਸਾ ਮੁੜ ਬਹਾਲ ਕੀਤਾ ਜਾ ਸਕੇ।

ਉਨ੍ਹਾਂ ਪੜਤਾਲ ਕਮਿਸ਼ਨ ਦੀ ਰਿਪੋਰਟ 'ਚ 'ਬੇਅਦਬੀ ਹੋਣ, ਪਾਵਨ ਸਰੂਪ ਲਾਪਤਾ ਹੋਣ, ਗੰਭੀਰ ਕਾਨੂੰਨੀ ਅਪਰਾਧ ਬੋਧ ਅਤੇ ਕਸੂਰਵਾਰਾਂ ਖ਼ਿਲਾਫ਼ ਫ਼ੌਜਦਾਰੀ ਮੁਕੱਦਮਾ ਦਰਜ ਕਰਨ' ਬਾਰੇ ਤੱਥਾਂ ਨਾਲ ਪੁਸ਼ਟੀ ਕਰਦਿਆਂ ਕਿਹਾ ਕਿ

(1) (ੳ) ਪੇਜ ਨੰਬਰ 231 'ਤੇ (ਪਾਵਨ ਸਰੂਪਾਂ ਦੇ ਲਾਪਤਾ ਬਾਰੇ) — ਸ਼੍ਰੋਮਣੀ ਕਮੇਟੀ ਦਾ ਫ਼ਰਜ਼ ਹੈ ਕਿ ਉਹ ਪਿੰਡ-ਪਿੰਡ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ ਅਤੇ ਇਸ਼ਿਤਹਾਰਾਂ ਰਾਹੀਂ ਪਾਵਨ ਸਰੂਪਾਂ ਦਾ ਪਤਾ ਲਗਾਏ।

(ਅ) ਪੇਜ ਨੰਬਰ 290 'ਤੇ— ਸ਼੍ਰੋਮਣੀ ਕਮੇਟੀ ਹਰ ਵਸੀਲਾ ਵਰਤ ਕੇ ਪਾਵਨ ਸਰੂਪਾਂ ਦਾ ਪਤਾ ਲਗਾਏ।

(ੲ) ਇਹੀ ਦਿਸ਼ਾ ਨਿਰਦੇਸ਼ ਹਾਲ ਹੀ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਵੱਲੋਂ ਜਾਰੀ ਆਦੇਸ਼ ਵਿੱਚ ਵੀ ਸਾਫ਼ ਸਪਸ਼ਟ ਹਨ।

(ਸ) ਰਿਪੋਰਟ ਵਿੱਚ ਦਰਜ ਹੈ ਕਿ ਕਵਲਜੀਤ ਸਿੰਘ, ਸਹਾਇਕ ਸੁਪਰਵਾਈਜ਼ਰ, ਨੇ ਪਾਵਨ ਸਰੂਪਾਂ ਦੇ ਗ਼ਬਨ ਕਰ ਕੇ ਵੀ ਇਹ ਨਹੀਂ ਦੱਸਿਆ ਕਿ ਸਰੂਪ ਕਿੱਥੇ ਭੇਜੇ ਗਏ। ਇਹ ਉਸ ਦਾ ਅਪਰਾਧ ਹੈ।

(2)

ਪੇਜ ਨੰਬਰ 223 (ਕਾਨੂੰਨੀ ਅਪਰਾਧ ਬਾਰੇ) — ਸੈਂਕੜੇ ਪਾਵਨ ਸਰੂਪਾਂ ਦਾ ਰਿਕਾਰਡ ਤੋਂ ਨਾ ਮਿਲਣਾ .. ਦੇਸ਼ ਦੇ ਕਾਨੂੰਨ ਅਨੁਸਾਰ ਬਹੁਤ ਵੱਡਾ ਤੇ ਗੰਭੀਰ ਕਾਨੂੰਨਨ ਅਪਰਾਧ ਹੈ। ਕਿਉਂਕਿ ਐਸਾ ਅਪਰਾਧ ਕਿਸੇ ਬੇਸੁਰਤ, ਬੱਚੇ ਜਾਂ ਪਾਗਲ ਵਿਅਕਤੀ ਦੁਆਰਾ ਗੁਨਾਹ ਨਹੀਂ ਕੀਤਾ ਗਿਆ, ਇਕ ਜ਼ਿੰਮੇਵਾਰ, ਜੋ ਕਿ ਉਸ ਪੋਸਟ 'ਤੇ ਅੱਛੀ ਤਨਖ਼ਾਹ ਦੁਆਰਾ ਤਾਇਨਾਤ ਹੈ ਜਾਂ ਸਿੱਖ ਧਰਮ ਦਾ ਅਨੁਆਈ ਹੋਣ ਨਾਤੇ ਪੂਰੀ ਸੂਝ ਬੂਝ ਰੱਖਦੇ ਹਨ, ਵੱਲੋਂ ਕੀਤਾ ਗਿਆ ਹੈ। ਇਹ ਗੰਭੀਰ ਅਪਰਾਧ ਅਤੇ ਸਰਾਸਰ ਕਾਨੂੰਨ ਦੀ ਉਲੰਘਣਾ ਹੈ।

(3)

ਪੇਜ ਨੰਬਰ 241 (ਫ਼ੌਜਦਾਰੀ ਮੁਕੱਦਮਾ ਸੰਬੰਧੀ)— ਸਤਿੰਦਰ ਸਿੰਘ ਕੋਹਲੀ ਨੂੰ ਵਾਧੂ ਮਾਇਆ ਪਹੁੰਚਾਉਣ ਵਾਲੇ ਮੁੱਖ ਸਕੱਤਰ ਮੁੱਖ ਦੋਸ਼ੀ ਹਨ। ਇਸ ਲਈ ਉਹਨਾਂ ਉੱਤੇ ਵਿਭਾਗੀ ਅਤੇ ਫ਼ੌਜਦਾਰੀ ਮੁਕੱਦਮਾ ਬਣਦਾ ਹੈ। ਜੇਕਰ ਕੋਹਲੀ ਨੇ ਆਨਲਾਈਨ ਕੰਪਿਊਟਰਾਈਜ਼ੇਸ਼ਨ ਸਮੇਂ ਸਿਰ ਕੀਤੀ ਹੁੰਦੀ ਤਾਂ ਗ਼ਬਨ ਨਹੀਂ ਹੋਣਾ ਸੀ।

(4)

(ੳ) ਪੇਜ ਨੰਬਰ 249 — ਜੇ ਸਤਿੰਦਰ ਸਿੰਘ ਕੋਹਲੀ ਨੇ ਕੰਮ ਕੀਤਾ ਹੁੰਦਾ ਤਾਂ 18 ਅਗਸਤ 2015 ਨੂੰ ਘਟ ਪਾਏ ਗਏ ਸਰੂਪਾਂ ਬਾਰੇ ਪਤਾ ਲੱਗ ਜਾਣਾ ਸੀ।

(ਅ) ਕੋਹਲੀ ਦੇ ਸਹਾਇਕ ਅਮਰਜੀਤ ਸਿੰਘ ਅਨੁਸਾਰ, ਕੋਹਲੀ 18 ਅਗਸਤ 2020 ਤੱਕ ਇੱਕ ਵਾਰ ਵੀ ਅੰਮ੍ਰਿਤਸਰ ਨਹੀਂ ਆਇਆ, ਜਦਕਿ ਉਸ ਨੂੰ ਠੇਕੇ ਅਨੁਸਾਰ ਹਫ਼ਤੇ ਵਿੱਚ ਦੋ ਜਾਂ ਤਿੰਨ ਵਾਰ ਆਉਣਾ ਬਣਦਾ ਸੀ।

(ੲ) ਪੇਜ ਨੰਬਰ 254 — ਕੋਹਲੀ ਕਮਿਸ਼ਨ ਅੱਗੇ ਪੇਸ਼ ਹੋਣ ਤੋਂ ਵਾਰ-ਵਾਰ ਟਾਲਮਟੋਲ ਕਰਦਾ ਰਿਹਾ। ਅਖੀਰ ਕਮਿਸ਼ਨ ਨੂੰ ਚੰਡੀਗੜ੍ਹ ਜਾ ਕੇ ਉਸ ਤੋਂ ਬਿਆਨ ਲੈਣੇ ਪਏ।

(ਸ) ਪੇਜ ਨੰਬਰ 261 — ਕਮਿਸ਼ਨ ਦਾ ਕਹਿਣਾ ਹੈ ਕਿ ਇੰਝ ਲੱਗਦਾ ਹੈ ਕਿ ਕੋਹਲੀ ਨੇ ਆਪਣੀਆਂ ਡਿਊਟੀਆਂ ਪੜ੍ਹੀਆਂ ਹੀ ਨਹੀਂ। ( ਕੋਹਲੀ ਦੀ ਪਹੁੰਚ ਦਾ ਤਸਦੀਕ - ਕਿਸ ਦੀ ਸ਼ੈਅ ਨਾਲ ਉਹ ਇੰਨੀ ਖੁੱਲ ਮਾਣਦਾ ਰਿਹਾ? ਪੁੱਛਣ ਵਾਲਾ ਕੋਈ ਨਹੀਂ? )

(5)

ਪੇਜ ਨੰਬਰ 270-271 (ਕੋਹਲੀ ਦਾ ਕਾਰਜਕਾਲ ਬਿਨਾ ਸੋਚੇ ਵਧਾਉਣ ਬਾਰੇ)

— ਕੋਹਲੀ ਦੇ ਕੰਮਾਂ ਨੂੰ ਦੇਖੇ ਬਗੈਰ ਹੀ ਸ਼੍ਰੋਮਣੀ ਕਮੇਟੀ ਨੇ
ਮਤਾ ਨੰਬਰ 577 ਮਿਤੀ 29/8/2010,
ਮਤਾ ਨੰਬਰ 577 ਮਿਤੀ 28/11/2011,
ਮਤਾ ਨੰਬਰ 840 ਮਿਤੀ 15/1/2013 ਅਤੇ
ਮਤਾ ਨੰਬਰ 357 ਰਾਹੀਂ ਤਿੰਨ-ਤਿੰਨ ਸਾਲਾਂ ਲਈ ਕਾਰਜਕਾਲ ਵਧਾਉਂਦੇ ਰਹੇ।

ਮਿਤੀ 21/2/2019 ਨੂੰ ਮਤਾ ਨੰਬਰ 199 ਰਾਹੀਂ ਕੋਹਲੀ ਫ਼ਰਮ ਨੂੰ 4/2/2019 ਤੋਂ ਪਹਿਲਾਂ ਦੀਆਂ ਸ਼ਰਤਾਂ ਉੱਤੇ ਪੰਜ ਸਾਲਾਂ ਦਾ ਹੋਰ ਵਾਧਾ ਕੀਤਾ ਗਿਆ। ਅੰਤ੍ਰਿੰਗ ਕਮੇਟੀ ਨੇ ਕਦੇ ਇਹ ਨਹੀਂ ਵਿਚਾਰ ਕੀਤਾ ਕਿ ਕੰਪਿਊਟਰੀਕਰਨ ਅਤੇ ਆਨਲਾਈਨ ਖਾਤੇ ਬਣਾਏ ਜਾ ਰਹੇ ਹਨ ਜਾਂ ਨਹੀਂ।

(6)

ਪੇਜ ਨੰਬਰ 272 ( ਜਿੱਥੇ ਪੜਤਾਲ ਕਮਿਸ਼ਨ ਇਸ ਮਾਮਲੇ 'ਚ ਬੇਅਦਬੀ ਹੋਈ ਮੰਨਦੀ ਹੈ)—

(ੳ) ਕੋਹਲੀ ਨੇ ਜੇ ਪ੍ਰੈੱਸ ਦਾ ਕੰਮ ਆਨਲਾਈਨ ਕੀਤਾ ਹੁੰਦਾ ਤਾਂ ਸੰਗਤ ਦਾ ਪੈਸਾ ਇਸ ਤਰੀਕੇ ਨਾਲ ਗ਼ਬਨ ਨਾ ਹੁੰਦਾ ਅਤੇ ਪਾਵਨ ਸਰੂਪਾਂ ਦੀ ਬੇਅਦਬੀ ਨਾ ਹੋਈ ਹੁੰਦੀ।

(ਅ) ਕੋਹਲੀ ਤੋਂ 75% ਸਰਵਿਸ ਚਾਰਜ ਵਾਪਸ ਲਿਆ ਜਾਵੇ ਅਤੇ ਕੰਮ ਤੋਂ ਹਟਾ ਦਿੱਤਾ ਜਾਵੇ।

(ੲ) ਅੰਤ੍ਰਿੰਗ ਕਮੇਟੀ ਦੇ ਸਾਰ ਅਹੁਦੇਦਾਰ ਤੇ ਮੈਂਬਰ, ਜਿਨ੍ਹਾਂ ਦੀ ਹਾਜ਼ਰੀ ਵਿੱਚ ਸਤਿੰਦਰ ਸਿੰਘ ਕੋਹਲੀ ਦੇ ਕਾਰਜਕਾਲ ਦੇ ਵਾਧੇ ਦੇ ਮਤੇ ਪਾਸ ਹੋਏ, ਉਹਨਾਂ ਸਾਰਿਆਂ ਨੂੰ 'ਕਮਿਸ਼ਨ' ਜ਼ਿੰਮੇਵਾਰ ਮੰਨਦੀ ਹੈ।

(7)

ਪੇਜ ਨੰਬਰ 219 'ਤੇ ਸ਼੍ਰੋਮਣੀ ਕਮੇਟੀ ਦੀ ਕਾਰਗੁਜ਼ਾਰੀ ਉੱਤੇ ਟਿੱਪਣੀ ਕੀਤੀ ਗਈ ਹੈ- " ਅੱਜ ਪੰਥ ਅੱਗੇ ਗੰਭੀਰ ਸਮੱਸਿਆ ਆਣ ਖੜੀ ਹੋਈ ਹੈ, ਜਿਸ ਕਾਰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਸ਼ਰਧਾ, ਵਿਸ਼ਵਾਸ, ਯਕੀਨ, ਭਰੋਸਾ ਅਤੇ ਸਤਿਕਾਰ ਘਟਦਾ ਨਜ਼ਰ ਆ ਰਿਹਾ ਹੈ।

ਭਾਵ ਕਿ 'ਸ਼੍ਰੋਮਣੀ ਕਮੇਟੀ ਸ਼ਾਇਦ ਇਹ ਸਮਝ ਬੈਠੀ ਹੈ ਕਿ ਪਾਵਨ ਸਰੂਪ ਘੱਟ ਹੋ ਗਏ ਹਨ, ਤਾਂ ਪੈਸਿਆਂ ਨਾਲ ਭਰਪਾਈ ਕਰ ਲਈ ਜਾਵੇਗੀ—ਪਰ 'ਤੁਸੀਂ ਮਾਲਕ ਦੇ ਘਰ ਬਖ਼ਸ਼ੇ ਨਹੀਂ ਜਾਓਗੇ।'

ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਨਿਯੁਕਤ ਭਾਈ ਈਸ਼ਰ ਸਿੰਘ ਪੜਤਾਲੀਆ ਕਮਿਸ਼ਨ ਦੀ ਰਿਪੋਰਟ ਸਪਸ਼ਟ ਤੌਰ 'ਤੇ ਦਰਸਾਉਂਦੀ ਹੈ ਕਿ ਸ਼੍ਰੋਮਣੀ ਕਮੇਟੀ ਦੇ ਅਕਾਊਂਟਸ ਸੰਬੰਧੀ ਜ਼ਿੰਮੇਵਾਰੀਆਂ ਨਿਭਾਉਣ ਵਾਲੀ ਫ਼ਰਮ ਸਤਿੰਦਰ ਸਿੰਘ ਕੋਹਲੀ ਐਂਡ ਐਸੋਸੀਏਟਸ ਵੱਲੋਂ ਗੰਭੀਰ ਅਣਗਹਿਲੀ ਵਰਤੀ ਗਈ। ਰਿਪੋਰਟ ਵਿੱਚ ਸਾਫ਼ ਦਰਜ ਹੈ ਕਿ ਜੇਕਰ ਸਮੇਂ ਸਿਰ ਇੰਟਰਨਲ ਕੰਟਰੋਲ ਸਿਸਟਮ ਲਾਗੂ ਕੀਤਾ ਜਾਂਦਾ ਅਤੇ ਅਕਾਊਂਟਸ ਨੂੰ ਕੰਪਿਊਟਰਾਈਜ਼ਡ ਕੀਤਾ ਜਾਂਦਾ, ਤਾਂ ਲੇਜ਼ਰਾਂ ਵਿੱਚ ਊਣਤਾਈਆਂ ਨਾ ਰਹਿੰਦੀਆਂ ਅਤੇ ਨਾ ਹੀ 2013-14 ਤੋਂ ਲਗਾਤਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਗਿਣਤੀ ਵਿੱਚ ਵਾਧਾ-ਘਾਟਾ ਹੁੰਦਾ। ਇਸ ਅਣਗਹਿਲੀ ਨੇ ਸ਼੍ਰੋਮਣੀ ਕਮੇਟੀ ਦੀ ਸ਼ਾਖ ਅਤੇ ਭਰੋਸੇ ਨੂੰ ਗੰਭੀਰ ਧੱਬਾ ਲਗਾਇਆ।

# ਆਰਥਰਾਈਟਿਸ ਨੂੰ ਸਮਝਣਾ



**ਆਰਥਰਾਈਟਿਸ** ਇੱਕ ਆਮ ਪਰੰਤੂ ਗੰਭੀਰ ਬਿਮਾਰੀ ਹੈ ਜੋ ਦੁਨੀਆ ਭਰ ਵਿੱਚ ਲੱਖਾਂ ਲੋਕਾਂ ਨੂੰ ਪ੍ਰਭਾਵਿਤ ਕਰਦੀ ਹੈ। ਜੋੜਾਂ ਦੀ ਸੋਜ ਨਾਲ ਚਿੰਨ੍ਹਿਤ, ਆਰਥਰਾਈਟਿਸ ਦਰਦ, ਕਠੋਰਤਾ ਅਤੇ ਚਲਣ ਵਿੱਚ ਕਮੀ ਦਾ ਕਾਰਨ ਬਣ ਸਕਦੀ ਹੈ ਜਿਸ ਨਾਲ ਜੀਵਨ ਦੀ ਗੁਣਵੱਤਾ 'ਤੇ ਮਹੱਤਵਪੂਰਨ ਪ੍ਰਭਾਵ ਪੈਂਦਾ ਹੈ।

**ਆਰਥਰਾਈਟਿਸ ਦੇ ਕਾਰਨ** : ਆਰਥਰਾਈਟਿਸ ਵਿੱਚ 100 ਤੋਂ ਵੱਧ ਕਿਸਮਾਂ ਸ਼ਾਮਲ ਹਨ, ਜਿਨ੍ਹਾਂ ਵਿੱਚੋਂ ਸਭ ਤੋਂ ਆਮ ਓਸਟਿਓਆਰਥਰਾਈਟਿਸ (OA) ਅਤੇ ਰਿਊਮੈਟੋਇਡ ਆਰਥਰਾਈਟਿਸ (RA) ਹਨ। ਆਰਥਰਾਈਟਿਸ ਦੇ ਕਾਰਨ ਕਿਸਮ ਦੇ ਅਨੁਸਾਰ ਵੱਖਰੇ ਹੋ ਸਕਦੇ ਹਨ:

**ਓਸਟਿਓਆਰਥਰਾਈਟਿਸ (OA):**

ਪੁਰਾਣੀ ਅਤੇ ਜੋੜਾਂ ਤੇ ਦਬਾਅ: OA ਮੁੱਖ ਤੌਰ 'ਤੇ ਉਮਰ ਅਤੇ ਜੋੜਾਂ 'ਤੇ ਦੁਹਰਾਉਂਦੇ ਦਬਾਅ ਦੇ ਕਾਰਨ ਕਾਰਟੀਲੇਜ ਦੇ ਖ਼ਤਮ ਹੋ ਜਾਣ ਨਾਲ ਹੁੰਦੀ ਹੈ।

ਜੈਨੇਟਿਕ ਕਾਰਕ:

®1 ਦਾ ਪਰਿਵਾਰਕ ਇਤਿਹਾਸ ਹੋਣਾ ਇਸ ਬਿਮਾਰੀ ਦੇ ਵਿਕਾਸ ਦਾ ਖ਼ਤਰਾ ਵੱਧਾ ਸਕਦਾ ਹੈ।

ਮੋਟਾਪਾ:

ਵੱਧ ਵਜ਼ਨ ਭਾਰੀ ਜੋੜਾਂ ਜਿਵੇਂ ਕਿ ਗੋਡਿਆਂ ਅਤੇ ਹੱਡੀਆਂ 'ਤੇ ਵਾਧੂ ਦਬਾਅ ਪਾਉਂਦਾ ਹੈ, ਜਿਸ ਨਾਲ ਕਾਰਟੀਲੇਜ ਦੀ ਖ਼ਤਮ ਹੋਣ ਦੀ ਪ੍ਰਕਿਰਿਆ ਤੇਜ਼ ਹੁੰਦੀ ਹੈ।

ਰਿਊਮੈਟੋਇਡ ਆਰਥਰਾਈਟਿਸ (RA):

ਆਤਮ-ਇਮਿਊਨ ਪ੍ਰਤੀਕਿਰਿਆ:

RA ਇੱਕ ਆਤਮ-ਇਮਿਊਨ ਬਿਮਾਰੀ ਹੈ ਜਿਸ ਵਿੱਚ ਇਮਿਊਨ ਸਿਸਟਮ ਗਲਤੀ ਨਾਲ ਜੋੜਾਂ ਦੀ ਲਾਈਨਿੰਗ ਨੂੰ ਨਸ਼ਟ ਕਰਦਾ ਹੈ, ਜਿਸ ਨਾਲ ਸੋਜ ਅਤੇ ਜੋੜਾਂ ਨੂੰ ਨੁਕਸਾਨ ਹੁੰਦਾ ਹੈ।

ਜੈਨੇਟਿਕ ਪ੍ਰੀਡੀਸਪੋਜ਼ੀਸ਼ਨ:

ਕੁਝ ਜੈਨੇਟਿਕ ਨਿਸ਼ਾਨੀਆਂ RA ਦੇ ਵਿਕਾਸ ਦੇ ਉੱਚ ਖ਼ਤਰੇ ਨਾਲ ਸੰਬੰਧਿਤ ਹਨ।

ਵਾਤਾਵਰਨੀ ਉਤੇਜਕ:

ਧੂੰਆਂ, ਸੰਕ੍ਰਮਣ ਅਤੇ ਹਾਰਮੋਨਲ ਬਦਲਾਵ ਆਦਿ ਜਿਹੇ ਕਾਰਕ ਜੈਨੇਟਿਕ ਤੌਰ 'ਤੇ ਪ੍ਰੀਡੀਸਪੋਜ਼ਡ ਵਿਅਕਤੀਆਂ ਵਿੱਚ RA ਨੂੰ ਉਤੇਜਿਤ ਜਾਂ ਵਧਾ ਸਕਦੇ ਹਨ।

ਹੋਰ ਕਾਰਨ:

ਸੰਕ੍ਰਾਮਕ ਆਰਥਰਾਈਟਿਸ:

ਇਹ ਬੈਕਟੀਰੀਆ, ਵਾਇਰਸ ਜਾਂ ਫੰਗਲ ਸੰਕ੍ਰਮਣਾਂ ਦੁਆਰਾ ਜੋੜਾਂ ਨੂੰ ਪ੍ਰਭਾਵਿਤ ਕਰਨ ਵਾਲਾ ਹੁੰਦਾ ਹੈ।

ਗਠੀਆ:

ਇਹ ਇੱਕ ਪ੍ਰਕਾਰ ਦੀ ਸੋਜ ਭਰਪੂਰ ਆਰਥਰਾਈਟਿਸ ਹੈ ਜੋ ਜੋੜਾਂ ਵਿੱਚ ਯੂਰਿਕ ਐਸਿਡ ਦੇ ਕ੍ਰਿਸਟਲਾਂ ਦੇ ਇਕੱਠੇ ਹੋਣ ਨਾਲ ਹੁੰਦੀ ਹੈ।

ਪਸੋਰੀਆਟਿਕ ਆਰਥਰਾਈਟਿਸ:

ਇਹ ਪਸੋਰੀਆਸਿਸ ਨਾਲ ਸੰਬੰਧਿਤ ਹੁੰਦੀ ਹੈ ਇਹ ਚਮੜੀ ਅਤੇ ਜੋੜਾਂ ਦੋਹਾਂ ਨੂੰ ਪ੍ਰਭਾਵਿਤ ਕਰਦੀ ਹੈ।

ਆਰਥਰਾਈਟਿਸ ਵਾਲੇ ਵਿਅਕਤੀਆਂ ਨੂੰ ਸਾਹਮਣਾ ਕਰਨ ਵਾਲੀਆਂ ਚੁਣੌਤੀਆਂ

ਆਰਥਰਾਈਟਿਸ ਜੀਵਨ ਜੀਉਣ ਲਈ ਕਈ ਚੁਣੌਤੀਆਂ ਪੈਦਾ ਕਰਦਾ ਹੈ:

ਸਥਾਈ ਦਰਦ:

ਜੋੜਾਂ ਦਾ ਸਥਾਈ ਦਰਦ ਰੋਜ਼ਾਨਾ ਦੀਆਂ ਗਤੀਵਿਧੀਆਂ ਨੂੰ ਰੋਕ ਸਕਦਾ ਹੈ ਅਤੇ ਜੀਵਨ ਦੀ ਕੁੱਲ ਗੁਣਵੱਤਾ ਨੂੰ ਘੱਟ ਕਰ ਸਕਦਾ ਹੈ।

ਤੁਰਨ ਫਿਰਨ ਵਿੱਚ ਰੁਕਾਵਟ:

ਕਠੋਰਤਾ ਅਤੇ ਸੋਜਾਂ ਚਲਣ ਵਿੱਚ ਰੁਕਾਵਟ ਪੈਦਾ ਕਰ ਸਕਦੀਆਂ ਹਨ ਜਿਸ ਨਾਲ ਰੋਜ਼ਾਨਾ ਦੇ ਕੰਮ ਕਰਨ ਵਿੱਚ ਔਖਿਆਈ ਹੁੰਦੀ ਹੈ।

ਮਨੋਵਿਗਿਆਨਕ ਪ੍ਰਭਾਵ:

ਆਰਥਰਾਈਟਿਸ ਵਰਗੀਆਂ ਸਥਾਈ ਬਿਮਾਰੀਆਂ ਚਿੰਤਾ, ਸੱਟ ਫੇਟਾਂ ਅਤੇ ਸਮਾਜਿਕ ਇਕੱਲੇਪਣ ਦਾ ਕਾਰਨ ਬਣ ਸਕਦੀਆਂ ਹਨ।

ਆਰਥਿਕ ਬੋਝ:

ਇਲਾਜ, ਦਵਾਈਆਂ ਅਤੇ ਅਯੋਗਤਾ ਦੇ ਕਾਰਨ ਆਮਦਨੀ ਦੀ ਸੰਭਾਵਨਾ ਖ਼ਤਰੇ ਵਿੱਚ ਪੈ ਜਾਂਦੀ ਹੈ।

ਪ੍ਰਬੰਧਨ ਅਤੇ ਇਲਾਜ ਲਈ ਹੱਲ

ਹਾਲਾਂਕਿ ਆਰਥਰਾਈਟਿਸ ਦਾ ਕੋਈ ਇਲਾਜ ਨਹੀਂ ਹੈ ਪਰ ਵੱਖ-ਵੱਖ ਪ੍ਰਬੰਧਨ ਰਣਨੀਤੀਆਂ ਮਦਦ ਕਰ ਸਕਦੀਆਂ ਹਨ:

ਦਵਾਈਆਂ:

ਗੈਰ-ਸਟੇਰਾਇਡਲ ਐਂਟੀ-ਇੰਫਲਾਮੇਟਰੀ ਦਵਾਈਆਂ (NSAIDs):

ਔਖੇ ਦਰਦ ਅਤੇ ਸੋਜ ਨੂੰ ਘੱਟ ਕਰਨ ਲਈ ਆਮ ਤੌਰ 'ਤੇ ਵਰਤੀ ਜਾਂਦੀਆਂ ਹਨ।

ਬਿਮਾਰੀ-ਬਦਲਣ ਵਾਲੀਆਂ ਐਂਟੀ-ਰੇਯੂਮੇਟਿਕ ਦਵਾਈਆਂ ( DMARDs):

RA ਦੇ ਮਰੀਜ਼ਾਂ ਲਈ, DMARDs ਜਿਵੇਂ ਮੈਥੋਟਰੈਕਸੇਟ ਬਿਮਾਰੀ ਦੇ ਵਿਕਾਸ ਨੂੰ ਨੂੰ ਘੱਟ ਕਰ ਸਕਦੇ ਹਨ।

ਕਾਰਟੀਕੋਸਟਿਰੋਇਡਸ:

ਇਹ ਸੋਜ ਤੋਂ ਤੇਜ਼ ਰਾਹਤ ਪ੍ਰਦਾਨ ਕਰ ਸਕਦੇ ਹਨ ਪਰ ਆਮ ਤੌਰ 'ਤੇ ਛੋਟੀ ਮਿਆਦ ਲਈ ਵਰਤੇ ਜਾਂਦੇ ਹਨ।

ਭੌਤਿਕ ਥੈਰੇਪੀ:

ਵਿਸ਼ੇਸ਼ਿਤ ਕਸਰਤ ਪ੍ਰੋਗ੍ਰਾਮ ਸ਼ਕਤੀ, ਲਚਕੀਲਾਪਣ ਅਤੇ ਗਤੀ ਦੀ ਸੀਮਾ ਨੂੰ ਸੁਧਾਰ ਸਕਦੇ ਹਨ। ਭੌਤਿਕ ਥੈਰੇਪੀ ਮਾਹਿਰ ਰੋਜ਼ਾਨਾ ਦੀਆਂ ਗਤੀਵਿਧੀਆਂ ਦੌਰਾਨ ਜੋੜਾਂ 'ਤੇ ਦਬਾਅ ਘੱਟ ਕਰਨ ਦੇ ਤਰੀਕੇ ਸਿਖਾ ਸਕਦੇ ਹਨ।

ਜੀਵਨ ਸ਼ੈਲੀ ਵਿੱਚ ਬਦਲਾਅ:

ਵਜ਼ਨ ਪ੍ਰਬੰਧਨ:

ਸਿਹਤਮੰਦ ਵਜ਼ਨ ਰੱਖਣਾ ਜੋੜਾਂ 'ਤੇ ਦਬਾਅ ਘੱਟ ਕਰ ਸਕਦਾ ਹੈ, ਖਾਸ ਕਰਕੇ OA ਵਿੱਚ।

ਖੁਰਾਕ ਵਿੱਚ ਬਦਲਾਅ:

ਮੱਛੀ ਵਿੱਚ ਮਿਲਦੇ ਓਮੇਗਾ-3 ਫੈਟੀ ਐਸਿਡ, ਫਲ, ਸਬਜ਼ੀਆਂ ਅਤੇ ਪੂਰੇ ਅਨਾਜਾਂ ਨਾਲ ਭਰੀਆਂ ਪ੍ਰਤੀ-ਸੁਜਨਾਤਮਕ ਖੁਰਾਕਾਂ ਵੱਲੋਂ ਚੰਗੇ ਸੰਕੇਤ ਦਿੱਤੇ ਗਏ ਹਨ।

ਵਿਕਲਪਿਕ ਥੈਰੇਪੀ:

ਅਕੂਪੰਕਚਰ, ਮਸਾਜ਼ ਥੈਰੇਪੀ ਅਤੇ ਮਨ-ਸ਼ਾਂਤੀ ਵਾਲੀਆਂ ਅਭਿਆਸਾਂ ਨੇ ਕੁਝ ਵਿਅਕਤੀਆਂ ਲਈ ਦਰਦ ਪ੍ਰਬੰਧਨ ਅਤੇ ਮਨੋਵਿਗਿਆਨਿਕ ਸੁਖ-ਸ਼ਾਂਤੀ ਵਿੱਚ ਮਦਦ ਕਰਨ ਦੀਆਂ ਰਿਪੋਰਟਾਂ ਦਿੱਤੀਆਂ ਹਨ।

ਸਰਜਰੀ ਵਿਕਲਪ:

ਗੰਭੀਰ ਕੇਸਾਂ ਵਿੱਚ, ਸਰਜੀਕਲ ਹਸਤਖੇਪ ਜਿਵੇਂ ਜੋੜਾਂ ਦੀ ਬਦਲੀ ਜਾਂ ਅਰਥ੍ਰੋਸਕੋਪੀ ਵਿਚਾਰਿਆ ਜਾ ਸਕਦਾ ਹੈ ਤਾਂ ਕਿ ਦਰਦ ਘੱਟ ਹੋਵੇ ਅਤੇ ਫੰਕਸ਼ਨ ਮੁੜ ਪ੍ਰਾਪਤ ਹੋਵੇ।

ਆਰਥਰਾਈਟਿਸ ਇੱਕ ਬਹੁ-ਅੰਗੀ ਬਿਮਾਰੀ ਹੈ ਜੋ ਪ੍ਰਭਾਵਿਤ ਲੋਕਾਂ ਲਈ ਮਹੱਤਵਪੂਰਕ ਚੁਣੌਤੀਆਂ ਪੈਦਾ ਕਰਦੀ ਹੈ। ਇਸਦੇ ਕਾਰਨਾਂ ਨੂੰ ਸਮਝਣਾ ਪ੍ਰਭਾਵਸ਼ਾਲੀ ਪ੍ਰਬੰਧਨ ਲਈ ਅਹਿਮ ਹੈ। ਹਾਲਾਂਕਿ ਕੋਈ ਇਕੱਲਾ ਹੱਲ ਨਹੀਂ ਹੈ, ਪਰ ਦਵਾਈ ਦੇ ਇਲਾਜ, ਜੀਵਨ ਸ਼ੈਲੀ ਦੇ ਬਦਲਾਅ ਅਤੇ ਸਮਰਥਕ ਥੈਰੇਪੀਆਂ ਦਾ ਮਿਲਾਪ ਲੋਗਾਂ ਦੀ ਜੀਵਨ ਗੁਣਵੱਤਾ ਨੂੰ ਮਹੱਤਵਪੂਰਕ ਤੌਰ 'ਤੇ ਸੁਧਾਰ ਸਕਦਾ ਹੈ। ਚਾਲੂ ਖੋਜ ਨਵੇਂ ਇਲਾਜ ਅਤੇ ਮੁਕਾਮ ਦੀ ਖੋਜ ਕਰਦੀ ਰਹਿੰਦੀ ਹੈ ਜਿਸਦਾ ਮੰਤਵ ਇਸ ਬਿਮਾਰੀ ਦੇ ਮਰੀਜ਼ਾਂ ਲਈ ਨਤੀਜ਼ੇ ਸੁਧਾਰਨਾ ਹੈ। ਸਵੀਕਾਰਯੋਗ ਨਿਧਾਨ ਅਤੇ ਵਿਅਕਤੀਗਤ ਜ਼ਰੂਰਤਾਂ ਲਈ ਇੱਕ ਵਿਸ਼ੇਸ਼ ਪ੍ਰਬੰਧਨ ਯੋਜਨਾ ਬਹੁਤ ਹੀ ਮਹੱਤਵਪੂਰਕ ਹੈ ਤਾਂ ਕਿ ਆਰਥਰਾਈਟਿਸ ਦੇ ਪ੍ਰਭਾਵ ਨੂੰ ਰੋਜ਼ਾਨਾ ਜੀਵਨ 'ਤੇ ਘੱਟ ਕੀਤਾ ਜਾ ਸਕੇ।

**-ਡਾ.ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ ਅਤੇ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਅਤੇ

# ਸਿੱਖ ਕੌਮ ਦੇ ਮਹਾਨ ਸ਼ਹੀਦਾਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ



**ਫ਼ਿਰੋਜ਼ਪੁਰ, 03 ਜਨਵਰੀ (ਮਨੋਹਰ ਲਾਲ) :—** ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ ਅਤੇ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਅਤੇ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠਾਂ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਸਿੱਖ ਪੰਥ ਦੇ ਮਹਾਨ ਰਾਗੀ, ਕਥਾਵਾਚਕ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਮਨਵੀਰ ਸਿੰਘ ਠਾਠ ਨਾਨਕਸਰ, ਭਾਈ ਜ਼ੋਗਾ ਸਿੰਘ ਤਲਵੰਡੀ ਭਾਈ, ਬਾਬਾ ਸਤਨਾਮ ਸਿੰਘ ਵੱਲੀਆਂ, ਭਾਈ ਸੁਖਜੀਤ ਸਿੰਘ ਫ਼ਿਰੋਜ਼ਪੁਰ ਵਾਲੇ, ਬਾਬਾ ਹਰਭਜਨ ਸਿੰਘ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਰਣਜੋਧ ਸਿੰਘ ਫਰੀਦਕੋਟ, ਭਾਈ ਗੁਰਪ੍ਰੀਤ ਸਿੰਘ ਫਰੀਦਕੋਟ, ਭਾਈ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਮਾਨ ਅੰਮ੍ਰਿਤਸਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂਆਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਦੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦਾ ਸਾਰਾ ਪਰਿਵਾਰ ਸ਼ਹੀਦ ਹੋ ਗਿਆ ਅਤੇ ਨਾਲ ਹੀ ਅਨੇਕਾਂ ਸਿੰਘ ਸ਼ਹੀਦ ਹੋ ਗਏ। ਸਾਨੂੰ ਉਨ੍ਹਾਂ ਸ਼ਹੀਦਾਂ ਦੀ ਦਿੱਤੀ ਹੋਈ ਕੁਰਬਾਨੀ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ, ਉਨ੍ਹਾਂ ਸਿੱਖੀ ਦਾ ਬੂਝਾ ਜਿਹੜਾ ਲਾਇਆ ਹੈ, ਉਸ ਸਿੱਖੀ ਦੇ ਬੂਟੇ ਨੂੰ ਵੱਧ ਤੋਂ ਵੱਧ ਪ੍ਰਫੁਲਤ ਕਰੀਏ ਅਤੇ ਵੱਧ ਤੋਂ ਵੱਧ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੀਏ ਅਤੇ ਮੜੀਆਂ ਮਸਾਨਿਆਂ ਤੇ ਮੱਥਾ ਟੇਕਣ ਦੀ ਬਜਾਏ ਪੂਰੇ ਗੁਰੂ ਦੇ ਲੜ ਲੱਗੀਏ। ਇਸ ਮੌਕੇ ਤੇ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਕਥਾ ਕੀਤੀ। ਇਸ ਮੌਕੇ ਤੇ ਭਾਈ ਹਰਜੀਤ ਸਿੰਘ ਤੂਤ ਨੇ ਸਟੇਜ਼ ਦੀ ਸੇਵਾ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੇ ਪਿੰਨੀਆਂ ਦਾ ਲੰਗਰ ਅਤੇ ਪਿੰਨੀਆਂ ਦਾ ਪ੍ਰਸ਼ਾਦ ਅਤੁੱਟ ਵਰਤਾਇਆ ਗਿਆ।

ਸਿੱਖ ਨੌਜੁਆਨ ਦਾ ਚੋਰੀ ਦੇ ਸ਼ੱਕ ਵਿਚ ਮਜਦੂਰਾਂ ਵਲੋਂ ਕੀਤਾ ਗਿਆ ਕਤਲ

# ਮਨਜੀਤ ਸਿੰਘ ਜੀਕੇ ਨੇ ਪਰਿਵਾਰ ਨੂੰ ਇੰਨਸਾਫ ਦਿਵਾਉਣ ਦਾ ਦਿੱਤਾ ਭਰੋਸਾ

ਨਵੀਂ ਦਿੱਲੀ 3 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਸਾਊਥ ਐਕਸਟੈਂਸ਼ਨ ਪਾਰਟ-2 ਵਿੱਚ ਕਥਿਤ ਤੌਰ 'ਤੇ ਚੋਰੀ ਦੇ ਸ਼ੱਕ ਵਿੱਚ ਲੋਕਾਂ ਦੇ ਇੱਕ ਸਮੂਹ ਦੁਆਰਾ 25 ਸਾਲਾ ਗੁਰਮੀਤ ਸਿੰਘ ਉਰਫ਼ ਪ੍ਰਿੰਸ ਨਾਲ ਕੁੱਟਮਾਰ ਕਰਨ ਤੋਂ ਬਾਅਦ ਓਸ ਹੱਤਿਆ ਕਰ ਦਿੱਤੀ ਗਈ। ਪੁਲਿਸ ਨੂੰ ਸਵੇਰੇ ਦੱਖਣੀ ਦਿੱਲੀ ਖੇਤਰ ਵਿੱਚ ਇੱਕ ਉਸਾਰੀ ਅਧੀਨ ਜਗ੍ਹਾ ਦੀ ਕੰਧ ਦੇ ਕੋਲ ਇੱਕ ਲਾਸ਼ ਪਈ ਹੋਣ ਬਾਰੇ ਸੂਚਨਾ ਮਿਲੀ। ਮੌਕੇ 'ਤੇ ਪਹੁੰਚਣ 'ਤੇ, ਅਧਿਕਾਰੀਆਂ ਨੂੰ ਇੱਕ ਵਿਅਕਤੀ ਦੀ ਲਾਸ਼ ਮਿਲੀ ਜਿਸ 'ਤੇ ਸਪੱਸ਼ਟ ਸੱਟਾਂ ਲੱਗੀਆਂ ਹੋਈਆਂ ਸਨ। ਮ੍ਰਿਤਕ ਦੀ ਪਛਾਣ ਗੁਰਮੀਤ ਸਿੰਘ ਉਰਫ਼ ਪ੍ਰਿੰਸ ਵਜੋਂ ਹੋਈ ਹੈ, ਜੋ ਐਂਡਰਿਊਜ਼ ਗੰਜ ਦਾ ਰਹਿਣ ਵਾਲਾ ਸੀ। ਇੱਕ ਪੁਲਿਸ ਅਧਿਕਾਰੀ ਨੇ ਕਿਹਾ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਉਹ ਰਾਤ ਨੂੰ ਚੋਰੀ ਦੇ ਦੋਸ਼ ਵਿੱਚ ਸਾਈਟ ਵਿੱਚ ਦਾਖਲ ਹੋਇਆ ਸੀ, ਅਤੇ ਮਜ਼ਦੂਰਾਂ ਨੇ ਉਸਨੂੰ ਫੜ ਲਿਆ ਅਤੇ ਹਮਲਾ ਕੀਤਾ। ਬਾਅਦ ਵਿੱਚ ਉਹ ਜ਼ਖ਼ਮਾਂ ਦੀ ਤਾਬ ਨਾ ਝੱਲਦਾ ਹੋਇਆ ਦਮ ਤੋੜ ਗਿਆ । ਇਸ ਮਾਮਲੇ ਦੇ ਸਬੰਧ ਵਿੱਚ ਪੰਜ ਮਜ਼ਦੂਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਿਸ ਨੇ ਕਿਹਾ ਕਿ ਪਹਿਲੀ ਨਜ਼ਰੇ ਇਹ ਕਤਲ ਜਾਪਦਾ ਹੈ। ਜਾਂਚਕਰਤਾ ਘਟਨਾਵਾਂ ਦੇ ਕ੍ਰਮ ਨੂੰ ਸਥਾਪਤ ਕਰਨ ਲਈ ਆਲੇ ਦੁਆਲੇ ਦੇ ਇਲਾਕੇ ਦੇ ਸੀਸੀਟੀਵੀ ਫੁਟੇਜ ਦੀ ਜਾਂਚ ਕਰ ਰਹੇ ਹਨ। ਦਿੱਲੀ ਗੁਰਦੁਆਰਾ ਕਮੇਟੀ ਦੇ ਸਾਬਕਾ ਪ੍ਰਧਾਨ ਕੋਲ ਮ੍ਰਿਤਕ ਦੇ ਪਰਿਵਾਰ ਨੇ ਪਹੁੰਚ ਕੀਤੀ ਅਤੇ ਉਨ੍ਹਾਂ ਤੁਰੰਤ ਮਾਮਲੇ ਬਾਰੇ ਪੁਲਿਸ ਪ੍ਰਸ਼ਾਸ਼ਨ ਨਾਲ ਗੱਲਬਾਤ ਕੀਤੀ ਤੇ ਕਿਹਾ ਕਿ ਇਹ ਮਾਮਲਾ ਕੁਝ ਹੋਰ ਹੈ ਕਿਉਕਿ ਜ਼ੇਕਰ ਓਹ ਚੋਰੀ ਕਰਣ ਗਿਆ ਸੀ ਤਾਂ ਓਸ ਨੂੰ ਫੜ ਕੇ ਪੁਲਿਸ ਹਵਾਲੇ ਕਰ ਦਿੱਤਾ ਜਾਣਾ ਚਾਹੀਦਾ ਸੀ ਪਰ ਇਸ ਮਾਮਲੇ ਵਿਚ ਓਸ ਨੂੰ ਪੁਲਿਸ ਹਵਾਲੇ ਨਾ ਕਰਕੇ ਓਸ ਦਾ ਕਤਲ ਕਰ ਦਿੱਤਾ ਗਿਆ ਤੇ ਪਰਿਵਾਰ ਨੂੰ ਇੰਨਸਾਫ ਦਿਵਾਉਣ ਲਈ ਅਸੀਂ ਉਨ੍ਹਾਂ ਦੇ ਨਾਲ ਖੜੇ ਹਾਂ ਤੇ ਮਾਮਲੇ ਦੀ ਤਹਿ ਤਕ ਜਾ ਕੇ ਉਨ੍ਹਾਂ ਨੂੰ ਇੰਨਸਾਫ ਦਿਵਾਇਆ ਜਾਏਗਾ ।



# ਉਜਾਲਾ ਸਿਗਨਸ ਨਾਲ ਅਮਨਦੀਪ ਹਸਪਤਾਲ ਦੀ ਵੱਡੀ ਪਹਿਲ—31 ਜਨਵਰੀ ਤੱਕ ਮੁਫ਼ਤ ਮਲਟੀ—ਸਪੈਸ਼ਲਟੀ ਓਪੀਡੀ

ਫ਼ਿਰੋਜ਼ਪੁਰ, 03 ਜਨਵਰੀ (ਮਨੋਹਰ ਲਾਲ) :— ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਆਮ ਜਨਤਾ ਲਈ 31 ਜਨਵਰੀ 2026 ਤੱਕ ਮੁਫ਼ਤ ਮਲਟੀ ਸਪੈਸ਼ਲਟੀ ਓ.ਪੀ.ਡੀ ਸਹੂਲਤ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ। ਇਹ ਪਹਿਲ ਸਮਾਜ ਨੂੰ ਸੌਖੀਆਂ ਅਤੇ ਉੱਚ—ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਕੀਤੀ ਗਈ ਹੈ। ਇਸ ਯੋਜਨਾ ਤਹਿਤ ਇੰਟਰਨਲ ਮੈਡੀਸਨ, ਦਿਲ ਰੋਗ, ਦਿਮਾਗ ਅਤੇ ਰੀੜ੍ਹ ਦੀ ਹੱਡੀ ਦੀ ਦੇਖਭਾਲ, ਛਾਤੀ ਰੋਗ, ਈਐਨਟੀ, ਇਸਤਰੀ ਰੋਗ, ਹੱਡੀ ਰੋਗ, ਬਾਲ ਰੋਗ, ਜਨਰਲ ਸਰਜਰੀ ਅਤੇ ਗੁਰਦਾ ਰੋਗ ਸਮੇਤ ਕਈ ਵਿਭਾਗਾਂ ਵਿੱਚ ਮਾਹਿਰ ਡਾਕਟਰਾਂ ਵੱਲੋਂ ਮੁਫ਼ਤ ਸਲਾਹ ਦਿੱਤੀ ਜਾ ਰਹੀ ਹੈ। ਇਸਦੇ ਨਾਲ ਹੀ ਮਰੀਜ਼ਾਂ ਨੂੰ ਸੀ.ਟੀ ਸਕੈਨ ਅਤੇ ਐਮ.ਆਰ.ਆਈ ਜਾਂਚਾਂ 'ਤੇ 40 ਫੀਸਦੀ ਵਿਸ਼ੇਸ਼ ਛੂਟ ਦਾ ਲਾਭ ਵੀ ਮਿਲੇਗਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਅਮਨਦੀਪ ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਸਮਾਜਿਕ ਜ਼ਿੰਮੇਵਾਰੀ ਅਮਨਦੀਪ ਹਸਪਤਾਲ ਦੀ ਹੈਲਥਕੇਅਰ ਨੀਤੀ ਦਾ ਅਹੰਕਾਰਪੂਰਨ ਹਿੱਸਾ ਹੈ ਅਤੇ ਇਸ ਮੁਫ਼ਤ ਮਲਟੀ ਸਪੈਸ਼ਲਟੀ ਓ.ਪੀ.ਡੀ ਰਾਹੀਂ ਮਰੀਜ਼ਾਂ ਨੂੰ ਸਮੇਂ ਸਿਰ ਸਹੀ ਸਲਾਹ ਅਤੇ ਬਿਹਤਰ ਇਲਾਜ ਉਪਲਬਧ ਕਰਵਾਉਣਾ ਹੀ ਹਸਪਤਾਲ ਦਾ ਮੁੱਖ ਮਕਸਦ ਹੈ।



ਹਸਪਤਾਲ ਪ੍ਰਬੰਧਨ ਨੇ ਦੱਸਿਆ ਕਿ ਇਹ ਸਹੂਲਤ ਖ਼ਾਸ ਤੌਰ 'ਤੇ ਉਨ੍ਹਾਂ ਲੋਕਾਂ ਲਈ ਲਾਭਦਾਇਕ ਹੈ ਜੋ ਆਰਥਿਕ ਕਾਰਨਾਂ ਕਰਕੇ ਸਮੇਂ 'ਤੇ ਇਲਾਜ ਨਹੀਂ ਕਰਵਾ ਸਕਦੇ। ਹਸਪਤਾਲ ਦਾ ਉਦੇਸ਼ ਹੈ ਕਿ ਹਰ ਲੋੜਵੰਦ ਤੱਕ ਭਰੋਸੇਯੋਗ ਅਤੇ ਬਿਹਤਰ ਸਿਹਤ ਸੇਵਾਵਾਂ ਪਹੁੰਚ ਸਕਣ। ਜ਼ਿਕਰਯੋਗ ਹੈ ਕਿ ਅਮਨਦੀਪ ਗਰੁੱਪ ਕੋਲ 750 ਤੋਂ ਵੱਧ ਬੈਡਾਂ ਅਤੇ 170 ਤੋਂ ਜ਼ਿਆਦਾ ਮਾਹਿਰ ਡਾਕਟਰਾਂ ਦਾ ਨੈਟਵਰਕ ਹੈ, ਜੋ ਅੰਮ੍ਰਿਤਸਰ, ਪਠਾਨਕੋਟ, ਫਿਰੋਜ਼ਪੁਰ, ਸ਼੍ਰੀਨਗਰ ਅਤੇ ਤਰਨਤਾਰਨ ਸਮੇਤ ਛੇ ਸਥਾਨਾਂ 'ਤੇ ਸੇਵਾਵਾਂ ਦੇ ਰਿਹਾ ਹੈ।

# ਮੋਦੀ ਸਰਕਾਰ ਵਲੋਂ ਮਨਰੇਗਾ ਯੋਜਨਾ 'ਚ ਤਬਦੀਲੀ ਕਰਨਾ ਗ.ਰੀਬਾਂ ਦੇ ਰੁਜ਼ਗਾਰ 'ਤੇ ਡਾਕਾ-ਹਰਬੰਸ ਸਿੰਘ ਸਲੇਮਪੁਰ

**ਧੂਰੀ ( ਰਣਜੀਤ ਸਿੰਘ ਪੇਧਨੀ )**-ਕੇਂਦਰ ਸਰਕਾਰ ਵਲੋਂ ਮਨਰੇਗਾ ਯੋਜਨਾ ਚ ਜੋ ਤਬਦੀਲੀਆਂ ਕੀਤੀਆਂ ਜਾ ਰਹੀਆਂ ਹਨ ਉਨ੍ਹਾਂ ਨੂੰ ਤੁਰੰਤ ਵਾਪਸ ਲਿਆ ਜਾਵੇ ਕਿਉਂਕਿ ਇਹ ਮਜ਼ਦੂਰ ਵਿਰੋਧੀ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਟਰਾਂਸਪੋਰਟ ਵਿੰਗ ਦੇ ਸੂਬਾ ਪ੍ਰਧਾਨ ਹਰਬੰਸ ਸਿੰਘ ਸਲੇਮਪੁਰ ਨੇ ਕੀਤਾ। ਉਹਨਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਮਨਰੇਗਾ ਐਕਟ ਚ ਤਬਦੀਲੀ ਕਰਨ ਦੇ ਨਾਮ ਤੇ ਗਰੀਬ ਲੋਕਾਂ ਦੇ ਰੁਜ਼ਗਾਰ ਤੇ ਡਾਕਾ ਮਾਰਨ ਦੀ ਕੀਤੀ ਕੋਸ਼ਿਸ਼ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕੇਂਦਰ ਸਰਕਾਰ ਨੇ ਮਨਰੇਗਾ ਸਕੀਮ ਦਾ ਨਾਮ ਬਦਲ ਕੇ ਵਿਕਸਤ ਭਾਰਤ ਰੁਜ਼ਗਾਰ ਗਾਰੰਟੀ ਸਕੀਮ 2025 ਕਰਕੇ ਇਸ ਸਕੀਮ ਦੇ ਮੂਲ ਉਦੇਸ਼ ਪੇਂਡੂ ਖੇਤਰਾਂ ਚ 100 ਦਿਨ ਰੁਜ਼ਗਾਰ ਦੀ ਗਰੰਟੀ ਨੂੰ ਵੀ ਬਦਲਣਾ ਚਾਹੁੰਦੀ ਹੈ ਕਿਉਂਕਿ ਪਹਿਲ ਕਾਨੂੰਨ ਤਹਿਤ ਲੋਕ ਰੁਜ਼ਗਾਰ ਦੀ ਮੰਗ ਆਪ ਕਰ ਸਕਦੇ ਸਨ ਪਰ ਹੁਣ ਸਰਕਾਰ ਤੈਅ ਕਰੇਗੀ ਕਿ ਲੋਕਾਂ ਨੂੰ ਕੰਮ ਦੇਣਾ ਹੈ ਜਾਂ ਨਹੀਂ ਤੇ ਇਸ ਤੋਂ ਇਲਾਵਾ ਪੰਚਾਇਤਾਂ ਨੂੰ ਵੀ ਇਸ ਯੋਜਨਾ ਚੋਂ ਬਾਹਰ ਕੱਢਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਮਜ਼ਦੂਰਾਂ ਤੋ 8 ਘੰਟੇ ਦੀ ਬਜਾਏ 12 ਘੰਟੇ ਕੰਮ ਲਿਆ ਜਾਵੇਗਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਦੀ ਇਸ ਨੀਤੀ ਨੂੰ ਕਾਮਯਾਬ ਨਹੀਂ ਹੋਣ ਦੇਵੇਗੀ ਅਸੀਂ ਸਾਰੇ ਇਸ ਦਾ ਡੱਟ ਕੇ ਵਿਰੋਧ ਕਰਾਂਗੇ ਕਿਉਂਕਿ ਆਮ ਆਦਮੀ ਪਾਰਟੀ ਲੋਕਾਂ ਦੀ ਆਪਣੀ ਪਾਰਟੀ ਹੈ ਅਤੇ ਲੋਕਾਂ ਦੇ ਨਾਲ ਖੜੀ ਹੈ ਮਨਰੇਗਾ ਯੋਜਨਾ ਵਿੱਚ ਤਬਦੀਲੀ ਨਹੀਂ ਹੋਣ ਦੇਵਾਂਗੇ।



# ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜਥੇਬੰਦੀ ਨੇ ਕੀਤਾ ਮੋਟਰਸਾਈਕਲ ਮਾਰਚ—ਹਰਨੇਕ ਸਿੰਘ ਮਹਿਮਾ


ਫ਼ਿਰੋਜ਼ਪੁਰ, 03 ਜਨਵਰੀ (ਮਨੋਹਰ ਲਾਲ) :— ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ ਤੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਨਿੱਜੀਕਰਨ ਦੀਆਂ ਨੀਤੀਆਂ ਦੇ ਖਿਲਾਫ 16 ਜਨਵਰੀ ਨੂੰ ਸਾਰੇ ਪੰਜਾਬ ਦੇ ਡੀ.ਸੀ ਦਫਤਰਾਂ ਤੇ ਸਾਰੀਆਂ ਜਥੇਬੰਦੀਆਂ ਦੇ ਸਾਂਝੇ ਧਰਨੇ ਦਿੱਤੇ ਜਾਣੇ ਹਨ ਨਿੱਜੀਕਰਨ ਦੀਆਂ ਨੀਤੀਆਂ ਦੇ ਖਿਲਾਫ ਪਿੰਡਾਂ ਦੇ ਲੋਕਾਂ ਨੂੰ ਜਾਗਰੂਕ ਕਰਨ ਲਈ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਉਪਰ ਅੱਜ ਬਲਾਕ ਜੀਰਾ ਦੇ ਵੱਖ—ਵੱਖ ਪਿੰਡਾਂ ਵਿੱਚ ਝੰਡਾ ਮਾਰਚ ਮੋਟਰਸਾਈਕਲ ਮਾਰਚ ਕੀਤਾ ਗਿਆ। ਇਸ ਮੋਟਰਸਾਈਕਲ ਮਾਰਚ ਦੀ ਅਗਵਾਈ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਅਤੇ ਬਲਾਕ ਜੀਰਾ ਪ੍ਰਧਾਨ ਪਰਨੀਤ ਸਿੰਘ ਭੜਾਣਾ ਵੱਲੋਂ ਕੀਤੀ ਗਈ। ਇਸ ਮੌਕੇ ਆਗੂਆਂ ਨੇ ਬੋਲਦਿਆਂ ਦੱਸਿਆ ਕਿ ਬਿਜਲੀ ਸੋਧ ਬਿੱਲ 2025 ਰਾਹੀਂ ਬਿਜਲੀ ਵੰਡ ਦੇ ਖੇਤਰ ਵਿੱਚ ਪ੍ਰਾਈਵੇਟ ਕੰਪਨੀਆਂ ਨੂੰ ਖੁੱਲ ਦੇ ਦਿੱਤੀ ਜਾਵੇਗੀ, ਗਰੀਬਾਂ ਨੂੰ ਮਿਲਣ ਵਾਲੀ ਮੁਫਤ ਬਿਜਲੀ ਅਤੇ ਖੇਤੀ ਮੋਟਰਾਂ ਨੂੰ ਮਿਲਣ ਵਾਲੀ ਮੁਫਤ ਬਿਜਲੀ ਦਾ ਭੋਗ ਪੈ ਜਾਵੇਗਾ, ਅਬਾਨੀ—ਅਡਾਨੀ ਅਤੇ ਪਿੰਡਾਂ ਦੇ ਗਰੀਬਾਂ ਨੂੰ ਇੱਕੋ ਰੇਟ ਤੇ ਬਿੱਲ ਆਉਣਗੇ ਤੇ ਸਮਾਰਟ ਮੀਟਰ ਲਾ ਕੇ ਬਿੱਲ ਪਹਿਲਾਂ ਭਰਨਾ ਪਵੇਗਾ। ਆਗੂਆਂ ਨੇ ਕਿਹਾ ਕਿ ਇਸੇ ਤਰ੍ਹਾਂ ਬੀਜ ਬਿੱਲ ਰਾਹੀਂ ਕਾਰਪੋਰੇਟ ਘਰਾਣਿਆਂ ਦਾ ਸਾਰੇ ਬੀਜਾਂ ਤੇ ਕਬਜ਼ਾ ਕਰਵਾ ਦਿੱਤਾ ਜਾਵੇਗਾ ਜਦੋਂ ਦੇਸੀ ਬੀਜ ਖਤਮ ਹੋ ਗਏ ਤਾਂ ਕਾਰਪੋਰੇਟ ਘਰਾਣੇ ਮਨ ਮਰਜ਼ੀ ਕਰਨਗੇ ਅਤੇ ਖੇਤੀ ਤੇ ਕਾਬਜ ਹੋ ਜਾਣਗੇ। ਇਹ ਮੋਟਰਸਾਈਕਲ ਮਾਰਚ ਪਿੰਡ ਭੜਾਣਾ ਤੋਂ ਸ਼ੁਰੂ ਹੋ ਕੇ ਕੁਹਾਲਾ, ਮੱਲਾਂਵਾਲਾ, ਬੂੜੇ ਵਾਲਾ, ਭਾਗੋ ਕੇ, ਅਲੀਪੁਰ ਤੋਂ ਜੀਰਾ ਵਿਖੇ ਸਮਾਪਤ ਕੀਤਾ ਗਿਆ ਅਤੇ ਜੀਰਾ ਸ਼ਹਿਰ ਵਿੱਚ ਕਿਸਾਨਾਂ ਮਜ਼ਦੂਰਾਂ ਅਤੇ ਮੁਲਾਜ਼ਮਾਂ ਨੂੰ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਮਾਰੂ ਨੀਤੀਆਂ ਤੋਂ ਜਾਣੂ ਕਰਵਾਇਆ ਗਿਆ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਗੁਲਜਾਰ ਸਿੰਘ ਕਬਰਵੱਛਾ ਨੇ ਬੋਲਦਿਆਂ ਚਾਰ ਲੇਬਰ ਕੋਡ ਬਾਰੇ ਬਰੀਕੀ ਨਾਲ ਗੱਲਬਾਤ ਕੀਤੀ, ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਚਾਰ ਲੇਬਰ ਕੋਡ ਲਿਆ ਕੇ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਦਾ ਹੱਕ ਅਤੇ ਹੜਤਾਲ ਕਰਨ ਦਾ ਹੱਕ ਲਗਭਗ ਖੋਹ ਲਏ ਗਏ ਹਨ। ਆਗੂਆਂ ਨੇ ਕਿਹਾ ਕਿ ਨਿੱਜੀਕਰਨ ਦੇ ਇਨ੍ਹਾਂ ਕਦਮਾਂ ਤੇ ਹੋਰ ਧੱਕੇਸ਼ਾਹੀਆਂ ਦੇ ਖਿਲਾਫ ਬੋਲਣ ਵਾਲੇ ਸੰਘਰਸ਼ੀ ਲੋਕਾਂ ਅਤੇ ਪੱਤਰਕਾਰਾਂ ਨੂੰ ਪੰਜਾਬ ਸਰਕਾਰ ਵੱਲੋਂ ਡਰਾਉਣ ਧਮਕਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਮੌਕੇ ਜਿਲਾ ਖਜ਼ਾਨਚੀ ਜਤਿੰਦਰ ਸਿੰਘ ਰਿੰਕੂ, ਡਾਕਟਰ ਪਰਮਜੀਤ ਸਿੰਘ ਬਲਾਕ ਪ੍ਰੈਸ ਸਕੱਤਰ ਜੀਰਾ ਇਕਾਈ ਪ੍ਰਧਾਨ ਹਰਵਿੰਦਰ ਸਿੰਘ ਰਾਣਾ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਇਕਾਈ ਜਨਰਲ ਸਕੱਤਰ ਲਖਬੀਰ ਸਿੰਘ ਲੱਖਾ ਕਿਸਾਨ ਆਗੂ ਪ੍ਰੀਤਮ ਸਿੰਘ ਜਥੇਦਾਰ ਗੁਰਨੇਕ ਸਿੰਘ ਜਗਸੀਰ ਸਿੰਘ ਹਰਜੀਤ ਸਿੰਘ ਇਕਾਈ ਪ੍ਰਧਾਨ ਬੂੜੇਵਾਲਾ ਹਰਜਿੰਦਰ ਸਿੰਘ ਜਸਵੰਤ ਸਿੰਘ ਆਦੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM

ਅੱਜ 4 ਜਨਵਰੀ ਨੂੰ 217ਵੇਂ ਜਨਮ-ਦਿਨ 'ਤੇ ਵਿਸ਼ੇਸ਼

# ਨੇਤਰਹੀਣਾਂ ਦੇ ਭਵਿੱਖ ਨੂੰ ਉਜਵਲ ਕਰਨ ਵਾਲਾ-ਲੂਈ ਬਰੇਲ




**ਨੇਤਰਹੀਣ** ਵਿਦਿਆਰਥੀ/ ਵਿਅਕਤੀ ਆਪਣੀ ਪੜ੍ਹਾਈ ਇੱਕ ਲਿਪੀ ਰਾਹੀਂ ਕਰਦੇ ਹਨ ਜਿਸ ਨੂੰ ਬਰੇਲ ਲਿਪੀ ਕਿਹਾ ਜਾਂਦਾ ਹੈ। ਇਹ ਲਿਪੀ ਛੇ ਬਿੰਦੂਆਂ ਦੇ ਆਧਾਰਿਤ ਹੈ ।ਨੇਤਰਹੀਣ ਵਿਅਕਤੀ/ ਵਿਦਿਆਰਥੀ ਬਰੇਲ ਸਲੇਟ ਤੇ ਗਾਈਡ ਅਤੇ ਕਲਿੱਪ ਵਿੱਚ ਮੋਟਾ ਕਾਗ.ਜ਼ ਟੰਗ ਕੇ ਪਲਾਸਟਿਕ ਦੀ ਕਲਮ ਤੇ ਲੱਗੀ ਲੋਹੇ ਦੀ ਸੂਈ ਨਾਲ, ਸੱਜੇ ਹੱਥ ਦੇ ਅੰਗੂਠੇ ਨਾਲ ਲੱਗਦੀ ਪਹਿਲੀ ਉਂਗਲ ਨਾਲ, ਸੱਜੇ ਤੋਂ ਖੱਬੇ ਸੁਰਾਖ ਕਰਕੇ ਲਿਖਿਆ ਜਾਂਦਾ ਹੈ ਅਤੇ ਪੇਜ਼ ਨੂੰ ਉਲਟਾ ਕਰਕੇ ਆਮ ਭਾਸ਼ਾ ਵਾਂਗ ਖੱਬੇ ਤੋਂ ਸੱਜੇ ਪਾਸੇ ਵੱਲ ਨੂੰ ਪੜ੍ਹਿਆ ਜਾਂਦਾ ਹੈ।ਇਹਨਾਂ ਛੇ ਨੁਕਤਿਆਂ ਵਾਲੇ ਸਰਾਖਾਂ, ਛੇਕਾਂ ਨੂੰ ਅੱਗੇ-ਪਿੱਛੇ ਕਰਕੇ ਹੀ ਵੱਖ-ਵੱਖ ਭਾਸ਼ਾਵਾਂ ਦੇ ਅੱਖਰ ਬਣਾਏ ਜਾਂਦੇ ਹਨ ।ਨੇਤਰਹੀਣਾਂ ਲਈ ਇਸ ਲਿਪੀ ਨੂੰ ਲੂਈ ਬਰੇਲ ਨੇ ਤਿਆਰ ਕੀਤਾ ਹੈ ਜੇ ਇਹ ਕਹਿ ਲਿਆ ਜਾਵੇ ਕਿ ਬਰੇਲ ਲਿਪੀ ਦਾ ਜਨਮਦਾਤਾ/ ਬਾਨੀ ਲੂਈ ਬਰੇਲ ਹੈ ਤਾਂ ਅਤਿ ਕਥਨੀ ਨਹੀਂ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਲੂਈ ਬਰੇਲ ਦਾ ਜਨਮ 4 ਜਨਵਰੀ 1809 ਈਸਵੀ ਨੂੰ ਫਰਾਂਸ ਦੀ ਰਾਜਧਾਨੀ ਪੈਰਿਸ ਤੋਂ ਕੁਝ ਦੂਰ ਕੁਰਵੇ ਨਾਂ ਦੇ ਇੱਕ ਕਸਬੇ ਵਿੱਚ ਹੋਇਆ ।ਲੂਈ ਬਰੇਲ ਦੇ ਚਾਰ ਭਰਾ-ਭੈਣ ਸਨ ।ਲੂਈ ਉਹਨਾਂ ਵਿੱਚੋਂ ਸਭ ਤੋਂ ਛੋਟਾ ਸੀ ।ਲੂਈ ਤੇ ਪਿਤਾ ਸਾਈਮਨ ਰੇਨੇ ਚਮੜੇ (ਘੋੜਿਆਂ ਦੀਆਂ ਲਗਾਮਾਂ ਤੇ ਜੀਨ ਬਣਾਉਣ) ਦਾ ਕੰਮ ਕਰਦੇ ਸਨ ।ਜਦੋਂ ਲੂਈ ਚਾਰ ਸਾਲ ਦੇ ਕਰੀਬ ਹੋਇਆ ਤਾਂ ਪਿਤਾ ਦੀ ਫੈਕਟਰੀ/ ਵਰਕਸ਼ਾਪ ਵਿੱਚ ਚਮੜੇ ਨੂੰ ਸੀਣ ਵਾਲਾ ਸੂਆ ਤਿਲਕ ਕੇ ਲੂਈ ਦੀ ਅੱਖ ਵਿੱਚ ਜਾ ਵੱਜਿਆ ।ਅੱਖ 'ਚੋ ਖ਼ੂਨ ਵਗਣ ਲੱਗ ਪਿਆ ।ਉਸ ਦੀ ਇੱਕ ਅੱਖ ਦੀ ਨਜ਼ਰ ਘੱਟ ਗਈ ।ਹੌਲੀ- ਹੌਲੀ ਇਸ ਦਾ ਅਸਰ ਦੂਜੀ ਅੱਖ 'ਤੇ ਵੀ ਹੋਇਆ ਤੇ ਉਹ ਵੀ ਖ਼ਰਾਬ ਹੋ ਗਈ ।ਛੇ ਸਾਲ ਦੀ ਉਮਰ ਤੋਂ ਪਹਿਲਾਂ ਹੀ ਲੂਈ ਨੇਤਰਹੀਣ (ਅੰਨ੍ਹਾ) ਹੋ ਗਿਆ ।ਲੂਈ ਦੀਆਂ ਅੱਖਾਂ ਦੀ ਰੋਸ਼ਨੀ ਜਾਣ ਨਾਲ ਪੂਰਾ ਪਰਿਵਾਰ ਫਿਕਰਮੰਦ ਹੋ ਗਿਆ ਪਰ ਲੂਈ ਹੁਨਰਮੰਦ ਸੀ ।

ਲੂਈ ਨੂੰ ਪਿੰਡ ਦੇ ਆਮ ਬੱਚਿਆਂ ਦੇ ਸਕੂਲ ਵਿੱਚ ਪੜ੍ਹਨ ਪਾਇਆ ਗਿਆ ।ਉਸ ਨੇ ਆਪਣੀ ਲਿਆਕਤ ਤੇ ਸੂਝ-ਬੂਝ ਨਾਲ ਆਮ ਬੱਚਿਆਂ ਨਾਲੋਂ ਵੱਧ ਚੜ੍ਹ ਕੇ ਸਿੱਖਿਆ ਦੇ ਖੇਤਰ ਵਿੱਚ ਭਾਗ ਲੈ ਕੇ ਆਪਣੇ ਅੰਦਰਲੀ ਛੁਪੀ ਪ੍ਰਤਿਭਾ ਨੂੰ ਪੇਸ਼ ਕਰਨ ਦਾ ਯਤਨ ਕੀਤਾ ।ਲੂਈ ਬਹੁਤ ਹੀ ਹੁਸ਼ਿਆਰ ਲੜਕਾ ਸੀ ।10 ਸਾਲ ਦੀ ਉਮਰ ਵਿੱਚ ਉਸ ਨੂੰ ਪੈਰਿਸ ਵਿੱਚ ਨੇਤਰਹੀਣਾਂ ਲਈ ਵਿਸ਼ੇਸ਼ ਸਕੂਲ "ਨੈਸ਼ਨਲ ਇੰਸਟੀਚਿਊਟ ਫਾਰ ਬਲਾਈਂਡ" ਵਿਖੇ ਪੜ੍ਹਨ ਪਾਇਆ ਗਿਆ ।ਇੱਥੇ ਲੂਈ ਵਿਗਿਆਨ, ਗਣਿਤ ਅਤੇ ਸੰਗੀਤ ਵਿੱਚ ਵਿਸ਼ੇਸ਼ ਰੁਚੀ ਸਦਕਾ ਅਧਿਆਪਕਾਂ ਦਾ ਹਰਮਨਪਿਆਰਾ ਵਿਦਿਆਰਥੀ ਬਣ ਗਿਆ ।ਲੂਈ ਨੇ ਆਪਣੀ ਲਗਨ ਤੇ ਸਖ਼ਤ ਮਿਹਨਤ ਨਾਲ ਅਧਿਆਪਕਾਂ ਤੇ ਮੁੱਖ ਅਧਿਆਪਕ ਨੂੰ ਕਾਫ਼ੀ ਪ੍ਰਭਾਵਿਤ ਕੀਤਾ।

ਸਿੱਖਿਆ ਦੌਰਾਨ ਲੂਈ ਦੀ ਮੁਲਾਕਾਤ ਇੱਕ ਦਿਨ ਫਰਾਂਸ ਦੀ ਸੈਨਾ ਦੇ ਕੈਪਟਨ ਚਾਰਲਸ ਬਾਰਬਰੀਅਰ ਨਾਲ ਹੋਈ ।ਉਹਨਾਂ ਲੂਈ ਬਰੇਲ ਨੂੰ ਸੈਨਿਕਾਂ ਵੱਲੋਂ ਹਨੇਰੇ ਵਿੱਚ ਪੜ੍ਹੀ ਜਾਣ ਵਾਲੀ ਨਾਈਟ ਰਾਈਟਿੰਗ ਤੇ ਸੈਨੋਗ੍ਰਾਫੀ ਬਾਰੇ ਦੱਸਿਆ। ਕੈਪਟਨ ਚਾਰਲਸ ਬਾਰਬਰੀਅਰ ਨੇ ਸੈਨੋਗ੍ਰਾਫੀ ਦੀ ਖੋਜ ਕੀਤੀ, ਜਿਸ ਨੂੰ ਬਰੇਲ ਦਾ ਨਾਂ ਦਿੱਤਾ ਜਾਂਦਾ ਸੀ ।ਇਹ ਲਿਪੀ 12 ਬਿੰਦੂਆਂ ਦੇ ਆਧਾਰਿਤ ਸੀ, ਜੋ ਕੁਝ ਨਿਸ਼ਿਚਤ ਆਵਾਜ਼ਾਂ ਤੇ ਆਧਾਰਿਤ ਸਨ। ਇਸ ਵਿੱਚ ਵਿਸ਼ਰਾਮ ਚਿੰਨ੍ਹਾਂ ਦੀ ਵਿਵਸਥਾ ਨਹੀਂ ਸੀ ।ਇਹ ਲਿਪੀ ਉਭਰੀ ਹੋਈ ਸੀ ਤੇ ਡੋਟ ਉਂਗਲੀ ਦੇ ਪੋਟਿਆਂ ਥੱਲੇ ਵੀ ਨਹੀਂ ਆਉਂਦੇ ਸਨ। ਇੱਥੋਂ ਹੀ ਲੂਈ ਨੂੰ ਨੇਤਰਹੀਣਾਂ ਲਈ ਨਵੀਂ ਲਿਪੀ ਲੱਭਣ ਦਾ ਵਿਚਾਰ ਆਇਆ ।ਲੂਈ ਨੇ ਇਸ ਲਿਪੀ ਨੂੰ ਆਧਾਰ ਬਣਾ ਕੇ 20 ਸਾਲ ਦੀ ਉਮਰ ਵਿੱਚ ਸੰਨ 1829 ਈਸਵੀ ਵਿੱਚ ਛੇ ਬਿੰਦੂਆਂ ਨੂੰ ਉੱਪਰ ਤੋਂ ਥੱਲੇ ਤੱਕ ਤਿੰਨ-ਤਿੰਨ ਦੀਆਂ ਦੋ ਲਾਈਨਾਂ ਵਿੱਚ ਜੋੜ ਕੇ ਲਿਖਿਆ ।ਇਹਨਾਂ ਛੇ ਬਿੰਦੂਆਂ ਨੂੰ ਵੱਖ-ਵੱਖ ਰੂਪਾਂ ਤੇ ਸਥਿਤੀ ਵਿੱਚ ਰੱਖ ਕੇ 63 ਕਲਾ ਤਿਆਰ ਕੀਤੀਆਂ/ ਵਾਕ ਬਣਤਰਾਂ ਬਣਾਈਆਂ ਇਸ ਵਿੱਚ ਵੱਖ-ਵੱਖ ਅੱਖਰਾਂ ਲਈ ਵਿਸ਼ੇਸ਼ ਚਿੰਨ੍ਹ ਅਤੇ ਵਿਸ਼ਰਾਮ ਚਿੰਨ੍ਹ ਵੀ ਮਿਲਦੇ ਸਨ ।ਉਸ ਨੇ ਆਪਣੇ ਦੋਸਤਾਂ ਨੂੰ ਇਹ ਲਿਪੀ ਸਿਖਾਈ ।ਲੂਈ ਦੀ ਇਹ ਲਿਪੀ ਜਲਦੀ ਹੀ ਬੱਚਿਆਂ ਵਿੱਚ ਹਰਮਨਪਿਆਰੀ ਹੋ ਗਈ। ਲੂਈ ਦੀ ਇਸ ਲਿਪੀ ਨੂੰ ਅੱਜ ਵੀ ਨੇਤਰਹੀਣ ਅਸਾਨੀ ਨਾਲ ਪੜ੍ਹ ਸਕਦੇ ਹਨ ।ਬਰੇਲ ਲਿਪੀ ਰਾਹੀਂ ਹੀ ਅੱਜ ਨੇਤਰਹੀਣ ਨੌਕਰੀ ਤੇ ਕਾਰੋਬਾਰ ਕਰ ਸਕਦੇ/ ਕਰ ਰਹੇ ਹਨ ।ਲੂਈ ਨੇ ਇਹ ਖੋਜ ਕਿਸੇ ਦੇਸ਼-ਵਿਦੇਸ਼ ਲਈ ਨਹੀਂ ਕੀਤੀ ਸਗੋਂ ਦੁਨੀਆਂ ਭਰ ਦੇ ਨੇਤਰਹੀਣ ਲਈ ਵਰਦਾਨ ਹੈ ।ਇਸ ਲਿਪੀ ਦੀ ਕਾਢ ਨੇ ਨੇਤਰਹੀਣਾਂ ਦੇ ਜੀਵਨ ਵਿੱਚ ਕ੍ਰਾਂਤੀ ਲਿਆ ਦਿੱਤੀ।

ਲੂਈ ਨੂੰ ਛੂਤ ਦੀ ਬਿਮਾਰੀ ਸੀ ।ਇਹ ਲੱਛਣ ਭਾਵੇਂ 1835 ਵਿੱਚ ਦਿਖਾਈ ਦਿੱਤੇ ਪਰ ਉਸ ਨੇ ਪ੍ਰਵਾਹ ਨਾ ਕਰਦੇ ਹੋਏ ਆਪਣੇ ਕੰਮ ਨੂੰ ਨਿਰਵਿਘਨ ਜਾਰੀ ਰੱਖਿਆ ।ਉਸ ਨੇ ਸੋਚਿਆ ਕਿ ਇਹ ਲਿਪੀ ਉਸ ਸਮੇਂ ਤੱਕ ਅਧੂਰੀ ਰਹੇਗੀ ਜਦ ਤੱਕ ਇਸ ਵਿੱਚ ਸੰਗੀਤ ਦੇ ਸੁਰਾਂ ਦੀ ਲਿਪੀ ਦੀ ਵਰਤੋਂ ਨਾ ਕੀਤੀ ਜਾਵੇ ।ਲੂਈ ਨੇ 1837 ਵਿੱਚ ਸਵਰ ਲਿਪੀ ਨੂੰ ਪ੍ਰਕਾਸ਼ਿਤ ਕੀਤਾ। ਲੂਈ ਨੇ "ਮੈਥਡ ਆਫ ਰਾਈਟਿੰਗ ਐਂਡ ਆਰੇਂਜ਼ਡ ਆਫ਼ ਜੈਮ" (Method of Righting and Arranged Of them) ਪੁਸਤਕ ਵੀ ਪ੍ਰਕਾਸ਼ਿਤ ਕਰਵਾਈ ।ਲੂਈ ਨੂੰ ਸੰਗੀਤ ਵਿੱਚ ਕਾਫ਼ੀ ਮੁਹਾਰਤ ਹਾਸਲ ਸੀ ਤੇ ਉਹ ਵਾਇਲਨ ਵਜਾਉਣ ਦਾ ਚੰਗਾ ਵਾਦਕ ਸੀ। ਉਸ ਨੇ ਸੰਗੀਤ ਪ੍ਰੋਗਰਾਮਾਂ ਵਿੱਚ ਵੀ ਵੱਧ ਚੜ੍ਹ ਕੇ ਹਿੱਸਾ ਲਿਆ।

ਲੂਈ ਨੇ ਰੈਫੀਗ੍ਰਾਫੀ ਦੀ ਖੋਜ ਕੀਤੀ ।ਇਸ ਵਿੱਚ ਰੋਮਨ ਅੱਖਰਾਂ ਨੂੰ ਲਿਖਣ ਲਈ ਬਿੰਦੂਆਂ ਨੂੰ ਕਰਮ ਵਿੱਚ ਉਭਾਰਿਆ ਜਾਂਦਾ ਸੀ । ਰੈਫੀਗ੍ਰਾਫੀ ਦੁਆਰਾ ਨੇਤਰਹੀਣ ਵਿਅਕਤੀ ਆਪਣੇ ਸੁਜਾਖੇ (ਆਮ ਦੇਖਣ ਵਾਲੇ) ਦੋਸਤਾਂ-ਮਿੱਤਰਾਂ ਨੂੰ ਚਿੱਠੀ-ਪੱਤਰ ਲਿਖ ਸਕਦੇ ਸਨ ।ਲੂਈ ਆਪਣੇ ਮਿੱਤਰਾਂ ਤੇ ਪਰਿਵਾਰ ਦੇ ਵਿਅਕਤੀਆਂ ਨੂੰ ਪੱਤਰ ਲਿਖਣ ਲਈ ਇਸ ਦਾ ਇਸਤੇਮਾਲ ਕਰਦਾ ਸੀ ।ਸੰਨ 1844 ਵਿੱਚ ਲੂਈ ਦੀ ਹਾਲਤ ਬਹੁਤ ਖ਼ਰਾਬ ਹੋ ਗਈ ਤੇ ਉਸ ਨੇ ਅਧਿਆਪਕ ਦਾ ਕੰਮ ਛੱਡ ਦਿੱਤਾ

ਆਵਾਜ਼ਿ ਕੌਮ AWAZE QAUM International Newspaper & WEB TV

ਨੌਕਰੀ ਛੱਡਣ ਉਪਰੰਤ ਉਹ ਕਦੇ-ਕਦੇ ਸਿੱਖਣ ਵਾਲਿਆਂ ਨੂੰ ਪਿਆਨੋ ਸਿਖਾਇਆ ਕਰਦਾ ਸੀ ।ਲੂਈ ਬਰੇਲ ਨੇ ਆਪਣੀ ਵਸੀਅਤ ਤਿਆਰ ਕਰਨ ਸਮੇਂ ਇਧਰ-ਉਧਰ (ਆਪਣੇ ਨਾਲ) ਜਾਣ ਵਾਲੇ ਛੋਟੇ ਲੜਕੇ, ਆਪਣੀ ਨਰਸ ਅਤੇ ਕਮਰਾ ਸਾਫ਼ ਕਰਨ ਵਾਲੇ ਕਰਮਚਾਰੀ ਨੂੰ ਵੀ ਯਾਦ ਰੱਖਿਆ ।43 ਸਾਲ ਦੀ ਉਮਰ ਬਤੀਤ ਕਰਕੇ 6 ਜਨਵਰੀ 1852 ਈਸਵੀ ਨੂੰ ਅਕਾਲ ਚਲਾਣਾ ਕਰ ਗਿਆ ।ਉਸ ਦੀ ਮੌਤ ਤੋਂ ਬਾਅਦ ਹੀ ਇਸ ਲਿਪੀ ਦਾ ਨਾਂ 'ਬਰੇਲ ਲਿਪੀ' ਪੈ ਗਿਆ ।

ਲੂਈ ਬਰੇਲ ਨੇ ਆਪਣੇ ਹੁਨਰ ਰਾਹੀਂ ਖ਼ੁਦ ਨਾਲ ਵਾਪਰੇ ਹਾਦਸੇ ਨੂੰ ਕਾਮਯਾਬੀ ਦੀ ਪੌੜੀ ਬਣਾ ਲਿਆ ।ਇੰਨਾ ਹੀ ਨਹੀਂ, ਉਹਨਾਂ ਦੀ ਇਸ ਪੌੜੀ ਦੀ ਵਰਤੋਂ ਅੱਜ ਵੀ ਨੇਤਰਹੀਣ ਲੋਕ ਕਰਦੇ ਹਨ ਅਤੇ ਕਾਮਯਾਬ ਬਣ ਕੇ ਆਪਣੇ ਜੀਵਨ ਨੂੰ ਸਫਲ ਬਣਾਉਂਦੇ ਹਨ।

ਲੂਈ ਬਰੇਲ ਨੇ ਆਪਣੇ ਵਿਸ਼ਵਾਸ ਦੇ ਦਮ ਤੇ ਹਰ ਰੁਕਾਵਟ ਨੂੰ ਆਪਣੀ ਰਸਤੇ ਤੋਂ ਹਟਾ ਦਿੱਤਾ ।43 ਸਾਲ ਦੀ ਘੱਟ ਉਮਰ ਵਿੱਚ ਹੀ ਨੇਤਰਹੀਣਾਂ ਦੇ ਜੀਵਨ ਵਿੱਚ ਸਿੱਖਿਆ ਦੀ ਜੋਤ ਜਗਾਉਣ ਵਾਲੇ ਲੂਈ ਬਰੇਲ ਦੇ ਜੀਵਨ ਦੀ ਜੋਤ ਬੁਝ ਗਈ ।ਉਹਨਾਂ ਦੇ ਦੇਹਾਂਤ ਪਿੱਛੋਂ ਅੱਜ ਵੀ ਬਰੇਲ ਲਿਪੀ ਦੀ ਮਦਦ ਨਾਲ ਉਹਨਾਂ ਦੇ ਅਨੋਖੇ ਕਾਰਜ ਤੇ ਸ਼ਖ਼ਸ਼ੀਅਤ ਦੀ ਜੋਤ ਅਨੇਕਾਂ ਨੇਤਰਹੀਣਾਂ ਦੀਆਂ ਅੱਖਾਂ ਵਿੱਚ ਬਲ ਰਹੀ ਹੈ ਅਤੇ ਬਲਦੀ ਰਹੇਗੀ ।

ਭਾਰਤ ਸਰਕਾਰ ਨੇ ਲੂਈ ਬਰੇਲ ਦੇ 200ਵੇਂ ਜਨਮ-ਦਿਨ 'ਤੇ ਉਸ ਦੇ ਸਨਮਾਨ ਵਿੱਚ 4 ਜਨਵਰੀ 2009 ਈਸਵੀ ਨੂੰ ਇੱਕ ਡਾਕ-ਟਿਕਟ ਜਾਰੀ ਕੀਤੀ ਸੀ ।ਭਾਰਤੀ ਰਿਜਰਵ ਬੈਂਕ ਨੇ ਆਪਣੀ ਕਰੰਸੀ ਵਿੱਚ ਬਰੇਲ ਲਿਪੀ ਦੇ ਖ਼ਾਸ ਚਿੰਨਾਂ ਨੂੰ ਸ਼ਾਮਲ ਕੀਤਾ ਜਿਸ ਨਾਲ ਨੇਤਰਹੀਣਾਂ ਨੂੰ ਅਸਲੀ ਤੇ ਨਕਲੀ ਨੋਟਾਂ ਦੀ ਪਛਾਣ ਕਰਨ 'ਚ ਮਦਦ ਮਿਲੀ।

ਸੈਂਟਰਲ ਬੋਰਡ ਆਫ ਸੈਕੰਡਰੀ ਐਜੂਕੇਸ਼ਨ (ਸੀ.ਬੀ.ਐਸ.ਈ.) ਦੇ ਸਿਲੇਬਸ ਵਿੱਚ ਛੇਵੀਂ ਜਮਾਤ ਤੋਂ ਲੈ ਕੇ ਦਸਵੀਂ ਜਮਾਤ ਤੱਕ ਪੰਜਾਬੀ, ਹਿੰਦੀ ਤੇ ਅੰਗਰੇਜ਼ੀ ਭਾਸ਼ਾ ਵਿੱਚ 'ਲੂਈ ਬਰੇਲ' ਦਾ ਜੀਵਨ ਵੀ ਪੜ੍ਹਾਇਆ ਜਾ ਰਿਹਾ ਹੈ ।

ਪੰਜਾਬ ਵਿੱਚ ਬਰੇਲੀ ਲਿਪੀ ਰਾਹੀਂ ਪੜ੍ਹਾਉਣ ਦਾ ਕੰਮ ਸਭ ਤੋਂ ਪਹਿਲਾਂ 1885 ਈਸਵੀ ਵਿੱਚ ਅੰਮ੍ਰਿਤਸਰ ਵਿਖੇ ਵਿਕਟੋਰੀਆ ਸਕੂਲ ਦੇ ਨਾਂ 'ਤੇ ਸ਼ੁਰੂ ਕੀਤਾ ਗਿਆ, ਜੋ ਅੱਜ-ਕੱਲ੍ਹ 116 ਰਾਜਪੁਰ ਰੋਡ ਦੇਹਰਾਦੂਨ ਵਿਖੇ ਸਥਿਤ ਹੈ । ਪੰਜਾਬ ਵਿੱਚ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ ਵਿਖੇ ਬਰੇਲ ਪ੍ਰੈਸ ਸਥਾਪਿਤ ਹੈ। ਇਸ ਪ੍ਰੈਸ ਤੋਂ ਨੇਤਰਹੀਣ ਵਿਦਿਆਰਥੀਆਂ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਿਲੇਬਸ ਨਾਲ ਸੰਬੰਧਿਤ ਪਹਿਲੀ ਜਮਾਤ ਤੋਂ ਲੈ ਕੇ ਦਸਵੀਂ ਜਮਾਤ ਤੱਕ ਦੀਆਂ ਬਰੇਲ ਪੁਸਤਕਾਂ ਛਾਪੀਆਂ ਜਾਂਦੀਆਂ ਹਨ ।ਪੰਜਾਬ ਵਿੱਚ ਲੁਧਿਆਣਾ, ਪਟਿਆਲਾ, ਅੰਮ੍ਰਿਤਸਰ, ਸ੍ਰੀ ਮੁਕਤਸਰ ਸਾਹਿਬ, ਫ਼ਰੀਦਕੋਟ, ਜਲੰਧਰ, ਸਪਰੋੜ ਨੰਗਲ (ਕਪੂਰਥਲਾ), ਮਲੇਰਕੋਟਲਾ, ਫ਼ਿਰੋਜ਼ਪੁਰ, ਅਨੰਦਪੁਰ ਸਾਹਿਬ, ਮਾਹਿਲਪੁਰ (ਹੁਸ਼ਿਆਰਪੁਰ), ਨਰਾਇਣਗੜ੍ਹ ਸੋਹੀਆਂ (ਬਰਨਾਲਾ), ਚੰਡੀਗੜ੍ਹ ਆਦਿ ਸ਼ਹਿਰਾਂ /ਨਗਰਾਂ ਵਿੱਚ 20 ਦੇ ਕਰੀਬ ਸਕੂਲਾਂ ਵਿੱਚ ਨੇਤਰਹੀਣਾਂ ਨੂੰ ਬਰੇਲ ਲਿਪੀ ਰਾਹੀਂ ਸਿੱਖਿਆ ਦਿੱਤੀ ਜਾ ਰਹੀ ਹੈ ।

ਇਹਨਾਂ ਸਾਰੇ ਸਕੂਲਾਂ ਵਿੱਚ ਨੇਤਰਹੀਣਾਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਿਲੇਬਸ ਅਨੁਸਾਰ ਪੜ੍ਹਾਈ ਕਰਵਾਈ ਜਾਂਦੀ ਹੈ ਅਤੇ ਨਾਲ-ਨਾਲ ਸੰਗੀਤ, ਤਬਲਾ, ਹਾਰਮੋਨੀਅਮ, ਸਿਤਾਰ, ਵਾਇਲਨ ਆਦਿ ਸਾਜ਼ ਸਿਖਾਏ ਜਾਂਦੇ ਹਨ । ਪੰਜਾਬ ਸਰਕਾਰ ਦੁਆਰਾ ਸਥਾਪਿਤ ਬਰੇਲ ਪ੍ਰੈਸ ਤੋਂ ਛਾਪੀਆਂ ਜਾਂਦੀਆਂ ਬਰੇਲ ਪੁਸਤਕਾਂ ਉਪਰੋਕਤ ਸਕੂਲਾਂ ਅਤੇ ਡਾਇਰੈਕਟਰ ਸਰਵ ਸਿੱਖਿਆ ਅਭਿਆਨ ਦੇ ਨਿਰਦੇਸ਼ਾਂ ਅਨੁਸਾਰ ਵੱਖ-ਵੱਖ ਸ਼ਹਿਰਾਂ /ਜ਼ਿਲ੍ਹਿਆਂ ਨੂੰ ਮੁਫਤ (ਫਰੀ ਆਫ ਕਾਸਟ) ਸਪਲਾਈ ਕੀਤੀਆਂ ਜਾਂਦੀਆਂ ਹਨ ।ਲੂਈ ਬਰੇਲ ਨੇ ਲਿਪੀ ਤਿਆਰ ਕਰਕੇ ਨੇਤਰਹੀਣਾਂ ਦੇ ਭਵਿੱਖ ਨੂੰ ਰੁਸ਼ਨਾਇਆ ਹੈ ।ਬਰੇਲ ਲਿਪੀ ਦੇ ਜਨਮਦਾਤਾ ਲੂਈ ਬਰੇਲ ਦਾ 217ਵਾਂ ਜਨਮ- ਦਿਨ 4 ਜਨਵਰੀ ਦਿਨ ਐਤਵਾਰ ਨੂੰ ਪੰਜਾਬ, ਹਰਿਆਣਾ, ਹਿਮਾਚਲ, ਦਿੱਲੀ ਤੇ ਹੋਰ ਸ਼ਹਿਰਾਂ ਵਿੱਚ ਨੇਤਰਹੀਣ ਜਥੇਬੰਦੀਆਂ, ਸੰਸਥਾਵਾਂ ਵੱਲੋਂ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ ।

**-ਕਰਨੈਲ ਸਿੰਘ ਐੱਮ.ਏ.**
**# 1138/63-ਏ, ਗੁਰੂ ਤੇਗ ਬਹਾਦਰ ਨਗਰ, ਗਲੀ ਨੰਬਰ 1,**
**ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ।**

## ਕੈਬਨਿਟ ਮੰਤਰੀ ਈ:ਟੀ:ਓ ਨੇ ਜੰਡਿਆਲਾ ਗੁਰੂ ਵਿਖੇ ਕਰੀਬ 74 ਲੱਖ ਦੀ ਲਾਗਤ ਨਾਲ ਬਣਨ ਵਾਲੇ ਦੋ ਖੇਡ ਸਟੇਡੀਅਮ ਦੇ ਰੱਖੇ ਨੀਂਹ ਪੱਥਰ

## ਪਿੰਡ ਚੂੰਗ ਅਤੇ ਮਹਿਤਾ ਵਿਖੇ ਬਣਾਏ ਜਾਣਗੇ ਖੇਡ ਮੈਦਾਨ



ਜੰਡਿਆਲਾ ਗੁਰੂ , 3 ਜਨਵਰੀ: ( ਕੁਲਵੰਤ ਸਿੰਘ ਵਿਰਦੀ ) ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਿਸ਼ੇਸ਼ ਧਿਆਨ ਦੇ ਰਹੀ ਹੈ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਣ ਲਈ ਸੂਬੇ ਭਰ ਵਿੱਚ 3000 ਤੋਂ ਵਧੇਰੇ ਖੇਡ ਸਟੇਡੀਅਮ ਵੀ ਬਣਾਏ ਜਾ ਰਹੇ ਹਨ ਤਾਂ ਜੋ ਸਾਡੇ ਨੌਜਵਾਨ ਖੇਡਾਂ ਵਿੱਚ ਮੱਲਾਂ ਮਾਰ ਸਕਣ ਅਤੇ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਵਿੱਚ ਆਪਣਾ ਯੋਗਦਾਨ ਪਾ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ:ਟੀ:ਓ ਨੇ ਜੰਡਿਆਲਾ ਗੁਰੂ ਹਲਕੇ ਦੇ ਪਿੰਡ ਚੂੰਗ ਅਤੇ ਮਹਿਤਾ ਵਿਖੇ ਕਰੀਬ 74 ਲੱਖ ਦੀ ਲਾਗਤ ਨਾਲ ਬਣਨ ਵਾਲੇ ਖੇਡ ਸਟੇਡੀਅਮ ਦਾ ਨੀਹ ਪੱਥਰ ਰੱਖਦੇ ਸਮੇਂ ਕੀਤਾ। ਸ੍ਰ ਈ:ਟੀ:ਓ ਨੇ ਦੱਸਿਆ ਕਿ ਪਿੰਡ ਚੂੰਗ ਵਿਖੇ 36 ਲੱਖ ਰੁਪਏ ਦੀ ਲਾਗਤ ਨਾਲ ਅਤੇ ਪਿੰਡ ਮਹਿਤਾ ਵਿਖੇ 37.77 ਲੱਖ ਦੀ ਲਾਗਤ ਨਾਲ ਬਣਨ ਵਾਲੇ ਖੇਡ ਮੈਦਾਨ ਦਾ ਉਦਘਾਟਨ ਕਰਦਿਆਂ ਕਿਹਾ ਕਿ ਇਹਨਾਂ ਦੋਵਾਂ ਖੇਡ ਸਟੇਡੀਅਮ ਵਿੱਚ ਵਾਲੀਬਾਲ ਗਰਾਊਂਡ ਹਾਈ ਮਾਸਕ ਲਾਈਟਾਂ ਨਵੇਂ ਬਾਥਰੂਮ ਫੁੱਟ ਲਾਈਟਾਂ ਆਦਿ ਬਣਾਏ ਜਾਣਗੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ ਅਤੇ ਇਸੇ ਹੀ ਲੜੀ ਤਹਿਤ ਸੂਬੇ ਭਰ ਵਿੱਚ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਖੇਡਾਂ ਨਾਲ ਨੌਜਵਾਨਾਂ ਦਾ ਜਿਥੇ ਮਾਨਸਿਕ ਤੇ ਸਰੀਰਕ ਵਿਕਾਸ ਹੁੰਦਾ ਹੈ ਉਥੇ ਨਸ਼ੇ ਵਰਗੀਆਂ ਅਲਾਮਤਾਂ ਤੋਂ ਦੂਰ ਰਹਿੰਦੇ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਉਪਰੋਕਤ ਸਾਰੇ ਕੰਮ ਠੇਕੇਦਾਰਾਂ ਨੂੰ ਅਲਾਟ ਹੋ ਚੁੱਕੇ ਹਨ ਅਤੇ ਇਨ੍ਹਾਂ ਕੰਮਾਂ ਨੂੰ ਮਿੱਥੇ ਸਮੇਂ ਦੇ ਅੰਦਰ ਅੰਦਰ ਪੂਰਾ ਕੀਤਾ ਜਾਵੇਗਾ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਾਰੇ ਕੰਮ ਗੁਣਵੱਤਾ ਭਰਪੂਰ ਹੋਣੇ ਚਾਹੀਦੇ ਹਨ ਤੇ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਸਖਤ ਸ਼ਬਦਾਂ ਵਿੱਚ ਕਿਹਾ ਕਿ ਇਹ ਪੈਸਾ ਆਮ ਜਨਤਾ ਦਾ ਪੈਸਾ ਹੈ ਅਤੇ ਇਨ੍ਹਾਂ ਪੈਸਿਆਂ ਦੀ ਸਹੀ ਵਰਤੋਂ ਹੋਣੀ ਚਾਹੀਦੀ ਹੈ।

## 10 ਲੱਖ ਰੁਪਏ ਦੀ ਬੀਮਾ ਯੋਜਨਾ ਨਾਲ ਮੁੱਖ ਮੰਤਰੀ ਨੇ 3 ਕਰੌੜ ਪੰਜਾਬੀਆਂ ਦਾ ਦਿਲ ਜਿੱਤਿਆ: ਅਜੈਬ ਸਿੰਘ ਹੈਪੀ

ਧੂਰੀ ( ਰਣਜੀਤ ਸਿੰਘ ਪੇਧਨੀ ) -ਪੰਜਾਬ ਸਰਕਾਰ ਵੱਲੋਂ ਜਿੱਥੇ ਆਏ ਦਿਨ ਲੋਕ ਭਲਾਈ ਯੋਜਨਾਵਾਂ ਤੇ ਪੰਜਾਬ ਹਿੱਤ ਫੈਸਲੇ ਲਏ ਜਾ ਰਹੇ ਹਨ। ਉੱਥੇ ਹੀ ਹੁਣ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕਰਕੇ 3 ਕਰੋੜ ਪੰਜਾਬੀਆਂ ਨੂੰ ਨਵੇਂ ਸਾਲ ਦਾ ਤੋਹਫ਼ਾ ਹੀ ਦੇ ਦਿੱਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਸੀਨੀਅਰ ਆਗੂ ਅਜੈਬ ਸਿੰਘ ਹੈਪੀ ਐਮ ਸੀ ਚੋਣਾਂ ਲਈ, ਪ੍ਰਮੁੱਖ ਉਮੀਦਵਾਰ ਵਾਰਡ ਨੰਬਰ 20 ਨੇ ਕੀਤਾ। ਉਹਨਾਂ ਕਿਹਾ ਕਿਹਾ ਮੁੱਖ ਮੰਤਰੀ ਮਾਨ ਦੀ ਇਸ ਯੋਜਨਾ ਨਾਲ ਪੰਜਾਬ ਦੇ ਹਰੇਕ ਪਰਿਵਾਰ ਲਈ 10 ਲੱਖ ਰੁਪਏ ਦਾ ਨਕਦ ਰਹਿਤ ਇਲਾਜ ਯਕੀਨੀ ਬਣਾਇਆ ਜਾਵੇਗਾ ।ਉਹਨਾਂ ਕਿਹਾ ਕਿ ਮੁੱਖ ਮੰਤਰੀ ਮਾਨ ਵੱਲੋਂ ਸਿਹਤ ਯੋਜਨਾ ਸਬੰਧੀ ਲਿਆ ਗਿਆ ਇਹ ਫੈਸਲਾਂ ਸੂਬੇ ਦੇ ਲੋਕਾਂ ਨੂੰ ਇਕ ਵੀ ਪੈਸਾ ਖਰਚੇ ਬਿਨਾਂ ਵਿਆਪਕ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੀ ਦਿਸ਼ਾ ਵੱਲ ਅਹਿਮ ਕਦਮ ਹੈ ਅਤੇ ਲੋਕਾਂ ਨੂੰ 10 ਲੱਖ ਰੁਪਏ ਦਾ ਨਕਦ ਰਹਿਤ ਇਲਾਜ ਯਕੀਨੀ ਬਣਾਉਣ ਪ੍ਰਤੀ ਸਰਕਾਰ ਵੱਲੋਂ ਸ਼ੁਰੂ ਕੀਤੀ ਅਹਿਮ ਪਹਿਲਕਦਮੀ ਹੈ। ਉਹਨਾਂ ਕਿਹਾ ਪੰਜਾਬ ਸਰਕਾਰ ਪ੍ਰਸ਼ੰਸਾ ਦੀ ਲਤਾਰ ਹੈ ਕਿ ਪੰਜਾਬ ਦੇਸ਼ ਦਾ ਪਹਿਲਾ ਅਜਿਹਾ ਸੂਬਾ ਹੈ ਜਿੱਥੇ ਸੂਬੇ ਦੇ ਹਰੇਕ ਪਰਿਵਾਰ ਲਈ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਇਲਾਜ ਯਕੀਨੀ ਬਣਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV



## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਸਰਦਾਰ ਢੀਂਡਸਾ ਨੂੰ ਪੀਏਸੀ ਮੈਂਬਰ ਬਣਾਏ ਜਾਣ ਤੇ ਪੰਮਾ ਬਾਠ ਤੇ ਦਿੱਤੀ ਮੁਬਾਰਕਬਾਦ

**ਸੰਗਾਲਾ/ਧੂਰੀ (ਰਣਜੀਤ ਸਿੰਘ ਪੇਧਨੀ)** -ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਪ੍ਰਧਾਨ ਹਰਪ੍ਰੀਤ ਸਿੰਘ ਵੱਲੋਂ ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਪੀਏਸੀ ਦਾ ਗਠਨ ਕੀਤਾ ਗਿਆ ਹੈ। ਇਸੇ ਹੀ ਤਹਿਤ ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਸੀਨੀਅਰ ਆਗੂ ਸ.ਪਰਮਿੰਦਰ ਸਿੰਘ ਢੀਂਡਸਾ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਰਾਜਸੀ ਮਾਮਲਿਆਂ (PAC) ਬਾਰੇ ਕਮੇਟੀ ਦਾ ਮੈਂਬਰ ਬਣਾਇਆ ਗਿਆ ਹੈ। ਜਿਸ ਦੇ ਨਾਲ ਸੰਗਰੂਰ, ਬਰਨਾਲਾ ਜ਼ਿਲ੍ਹਿਆਂ ਵਿੱਚ ਉਹਨਾਂ ਦੇ ਚਾਹੁਣ ਵਾਲਿਆਂ ਦੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਸਰਦਾਰ ਢੀਂਡਸਾ ਪੀਏਸੀ ਮੈਂਬਰ ਬਣਨ ਤੇ ਮੁਬਾਰਕਬਾਦ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਸੀਨੀਅਰ ਆਗੂ ਧੂਰੀ ਹਲਕੇ ਦੇ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕਿਹਾ ਹੈ ਕਿ ਉਹ ਜਿੱਥੇ ਸਰਦਾਰ ਢੀਂਡਸਾ ਨੂੰ ਮੁਬਾਰਕਬਾਦ ਦਿੰਦੇ ਹਨ ਉੱਥੇ ਪਾਰਟੀ ਦੇ ਪ੍ਰਧਾਨ ਅਤੇ ਹਾਈ ਕਮਾਂਡ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ ਜਿਨਾਂ ਨੇ ਸਰਦਾਰ ਢੀਂਡਸਾ ਦੀ ਪਾਰਟੀ ਪ੍ਰਤੀ ਸੇਵਾ ਭਾਵਨਾ ਨੂੰ ਦੇਖਦਿਆਂ ਹੋਇਆਂ ਪਾਰਟੀ ਵਿੱਚ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਜਿਸ ਦੇ ਨਾਲ ਸਰਦਾਰ ਢੀਂਡਸਾ ਦਾ ਕੱਦ ਹੋਰ ਵੀ ਉੱਚਾ ਹੋਇਆ ਹੈ। ਇਸ ਮੌਕੇ ਸੁਖਪਾਲ ਸ਼ਰਮਾ, ਸੁਰਜੀਤ ਸਿੰਘ ਮੂਲੋਂਵਾਲ, ਜਸਵੰਤ ਸਿੰਘ ਭੱਠਲ, ਰਣਧੀਰ ਸਿੰਘ ਪ੍ਰਦੇਸੀ ਹਾਜ਼ਰ ਸਨ।

